ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 8 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੪ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕਾਨੂੰਨੀ ਨੋਟਿਸ ਦੇ ਬਾਵਜੂਦ ਜੀਟੀਸੀ ਨੇ ਨਹੀਂ ਰੋਕਿਆ ਗੁਰਬਾਣੀ ਪ੍ਰਸਾਰਣ ! ਸ਼੍ਰੋਮਣੀ ਕਮੇਟੀ ਨੇ ਚੈਨਲ ਦੇ ਟਕਰਾਅ ਪੈਦਾ ਕਰਨ ਦੀ ਕੀਤੀ ਨਿੰਦਾ

**ਅੰਮ੍ਰਿਤਸਰ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ GTC News Channel ਵੱਲੋਂ ਗੁਰਬਾਣੀ ਦੇ ਕੀਤੇ ਜਾ ਰਹੇ ਕਥਿਤ ਗੈਰ-ਕਾਨੂੰਨੀ ਪ੍ਰਸਾਰਨ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਅਧਿਕਾਰ ਖੇਤਰ ਨੂੰ ਚੁਣੌਤੀ ਦੇਣ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅੱਠਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸੀਸ ਮਹਿਲ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੰਥ ਦੀ ਨੁਮਾਇੰਦਾ ਜਥੇਬੰਦੀ ਹੈ ਅਤੇ ਇਸ ਦੇ ਏਕਾਧਿਕਾਰ ਨੂੰ ਸਿੱਧੇ ਤੌਰ ’ਤੇ ਚੁਣੌਤੀ ਦੇਣ ਦੀਆਂ ਕੋਸ਼ਿਸ਼ਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਕਾਨੂੰਨੀ ਕਾਰਵਾਈ ਲਈ ਸ਼੍ਰੋਮਣੀ ਕਮੇਟੀ ਵੱਲੋਂ ਹਰ ਸੰਭਵ ਕਦਮ ਚੁੱਕਿਆ ਜਾਵੇਗਾ। ਉਨ੍ਹਾਂ ਕਿਹਾ ਕਿ ‘ਸਮਾਂ ਆਉਣ ’ਤੇ ਸਭ ਕੁਝ ਸਾਫ਼ ਹੋ ਜਾਵੇਗਾ ਕਿ ਅਜਿਹੀਆਂ ਕਾਰਵਾਈਆਂ ਪਿੱਛੇ ਕਿਹੜੀਆਂ ਤਾਕਤਾਂ ਕੰਮ ਕਰ ਰਹੀਆਂ ਹਨ।’ ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਨੂੰ ਸਿੱਧੇ ਤੌਰ ’ਤੇ ਚੁਣੌਤੀ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਇਸ ਪਿੱਛੇ ਕੌਣ ਹੈ ਅਤੇ ਇਸ ਦੇ ਕੀ ਮਨਸੂਬੇ ਹਨ, ਇਹ ਆਉਣ ਵਾਲੇ ਸਮੇਂ ਵਿੱਚ ਸਾਹਮਣੇ ਆ ਜਾਣਗੇ।

## ਮੋਹਾਲੀ ’ਚ ਧਮਕੀ ਭਰੀਆਂ ਈਮੇਲਾਂ ਦਾ ਦੌਰ ਜਾਰੀ

# ਸਕੂਲਾਂ ਨੂੰ ਮਿਲੀਆਂ ਬੰਬ ਨਾਲ ਉਡਾਉਣ ਦੀਆਂ ਧਮਕੀਆਂ




**ਮੋਹਾਲੀ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਦੇ ਕਈ ਸਕੂਲਾਂ ਨੂੰ ਧਮਕੀ ਭਰੀਆਂ ਈਮੇਲਾਂ ਮਿਲਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਵਿੱਚ ਹੜਕੰਪ ਮਚ ਗਿਆ ਹੈ। ਈਮੇਲਾਂ ਮਿਲਣ ਦੀ ਸੂਚਨਾ ਤੋਂ ਬਾਅਦ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਵੱਲੋਂ ਸਕੂਲਾਂ ਦੀ ਸੁਰੱਖਿਆ ਵਧਾ ਦਿੱਤੀ ਗਈ ਹੈ। ਮੋਹਾਲੀ ਦੇ ਸ਼ਿਵਾਲਿਕ ਪਬਲਿਕ ਸਕੂਲ ਸਮੇਤ ਹੋਰ ਕਈ ਸਕੂਲਾਂ ਨੂੰ ਇਹ ਈਮੇਲਾਂ ਆਈਆਂ ਹਨ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸੁਰੱਖਿਆ ਟੀਮਾਂ ਵੱਲੋਂ ਸਕੂਲਾਂ ਦੀ ਜਾਂਚ ਕੀਤੀ ਗਈ, ਪਰ ਜਾਂਚ ਦੌਰਾਨ ਕੋਈ ਵੀ ਸ਼ੱਕੀ ਵਸਤੂ ਨਹੀਂ ਮਿਲੀ। ਧਮਕੀ ਭੇਜਣ ਵਾਲਿਆਂ ਦੀ ਪਛਾਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਫਿਲਹਾਲ ਅਧਿਕਾਰੀਆਂ ਵੱਲੋਂ ਈਮੇਲਾਂ ਦੇ ਸਰੋਤ ਅਤੇ ਉਨ੍ਹਾਂ ਵਿੱਚ ਕੀਤੀ ਗਈ ਧਮਕੀ ਦੀ ਤਸਦੀਕ ਕੀਤੀ ਜਾ ਰਹੀ ਹੈ। ਸਕੂਲ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਘਬਰਾਉਣ ਦੀ ਬਜਾਏ ਪੁਲਿਸ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ। ਸੁਰੱਖਿਆ ਏਜੰਸੀਆਂ ਵੱਲੋਂ ਸਥਿਤੀ ’ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।

## ਜਲੰਧਰ ’ਚ ਸਕੂਲ ਦੀਆਂ ਕੰਧਾਂ ’ਤੇ ਲਿਖੇ ਮਿਲੇ ਖਾਲਿਸਤਾਨੀ ਨਾਅਰੇ ! ‘ਐਸ. ਐਫ. ਜੇ.’ ਨੇ ਲਈ ਜ਼ਿੰਮੇਵਾਰੀ

**ਜਲੰਧਰ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਥਾਣਾ ਨਕੋਦਰ ਦੇ ਅਧੀਨ ਆਉਂਦੇ ਪਿੰਡ ਦੇ ਸਰਕਾਰੀ ਮਿਡਲ ਸਕੂਲ ਕੋਟਲਾ ਹੇਰਾਂ ਦੀ ਕੰਧ ’ਤੇ ਖਾਲਿਸਤਾਨੀ ਨਾਅਰੇ ਲਿਖੇ ਮਿਲੇ ਅਤੇ ਪ੍ਰਿੰਸੀਪਲ ਦੇ ਦਫ਼ਤਰ ਦੇ ਬਾਹਰ ਖਾਲਿਸਤਾਨੀ ਝੰਡਾ ਲਹਿਰਾਇਆ ਗਿਆ। ਪਾਬੰਦੀਸ਼ੁਦਾ ਵੱਖਵਾਦੀ ਸੰਗਠਨ ਸਿੱਖਸ ਫਾਰ ਜਸਟਿਸ (ਐੱਸ. ਐੱਫ. ਜੇ) ਦੇ ਇਕ ਪ੍ਰਮੁੱਖ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਨੇ ਇਕ ਵੀਡੀਓ ਵਿੱਚ ਇਹ ਦਾਅਵਾ ਕੀਤਾ। ਉਥੇ ਹੀ ਡੀ. ਐੱਸ. ਪੀ. ਓਂਕਾਰ ਬਰਾੜ ਨੇ ਦੱਸਿਆ ਕਿ ਉਨ੍ਹਾਂ ਨੂੰ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਮਿਲੀ। ਫਿਰ ਉਹ ਆਪਣੀ ਟੀਮ ਨਾਲ ਮੌਕੇ ’ਤੇ ਪਹੁੰਚੇ। ਪੁਲਸ ਨੇ ਪੂਰੀ ਜਾਂਚ ਕੀਤੀ ਅਤੇ ਸਕੂਲ ’ਚ ਕੋਈ ਝੰਡਾ ਨਹੀਂ ਮਿਲਿਆ। ਹਾਲਾਂਕਿ ਕੰਧ ’ਤੇ ”ਖਾਲਿਸਤਾਨ ਜ਼ਿੰਦਾਬਾਦ” ਦੇ ਨਾਅਰੇ ਲਿਖੇ ਹੋਏ ਮਿਲੇ। ਇਸ ਮਾਮਲੇ ਨੂੰ ਲੈ ਕੇ ਕੰਧ ’ਤੇ ਕਾਲਖ ਲਗਾ ਕੇ ਹਟਾ ਦਿੱਤਾ ਗਿਆ ਹੈ। ਡੀ. ਐੱਸ. ਪੀ. ਨੇ ਕਿਹਾ ਕਿ ਸ਼ੁਰੂਆਤੀ ਜਾਂਚ ’ਚ ਕੋਈ ਝੰਡਾ ਬਰਾਮਦ ਨਹੀਂ ਹੋਇਆ, ਹਾਲਾਂਕਿ ਸੋਸ਼ਲ ਮੀਡੀਆ ਜ਼ਰੀਏ ਵੀਡੀਓ ’ਚ ਝੰਡਾ ਵਿਖਾਇਆ ਗਿਆ। ਡੀ. ਐੱਸ. ਪੀ. ਨੇ ਕਿਹਾ ਕਿ ਘਟਨਾ ਨੂੰ ਗੰਭੀਰਤਾ ਨਾਲ ਲਿਆ ਗਿਆ ਹੈ ਅਤੇ ਐੱਫ਼. ਆਈ. ਆਰ. ਦਰਜ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ 15 ਅਗਸਤ ਨੂੰ ਆਜ਼ਾਦੀ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਜਾਵੇਗਾ। ਪੁਲਸ ਪੂਰੀ ਤਰ੍ਹਾਂ ਚੌਕਸ ਹੈ ਅਤੇ ਸਾਰੇ ਅਧਿਕਾਰੀਆਂ ਵੱਲੋਂ ਪੈਣੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਗੁਰਪਤਵੰਤ ਪੰਨੂ ਵੱਲੋਂ ਇਕ ਵੀਡੀਓ ਜਾਰੀ ਕੀਤਾ ਗਈ ਹੈ, ਹਾਲਾਂਕਿ ਇਹ ਵੀਡੀਓ ਅਸਲੀ ਹੈ ਜਾਂ ਨਕਲੀ, ਇਸ ਬਾਰੇ ਕੁਝ ਨਹੀਂ ਕਿਹਾ ਜਾ ਸਕਦਾ। ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਪੰਨੂ ਨੇ ਕਿਹਾ ਕਿ ਆਜ਼ਾਦੀ ਦਿਵਸ ਮਨਾਉਣ ਲਈ ਸਖ਼ਤੀ ਨਾਲ ਸ਼ਾਸਨ ਕਰਨ ਵਾਲਿਆਂ ’ਤੇ ਦਬਾਅ ਨਹੀਂ ਪਾਇਆ ਜਾ ਸਕਦਾ। ਐੱਸ. ਐੱਫ਼. ਜੇ. ਨੇ ਘਟਨਾ ਦੀ ਇਕ ਵੀਡੀਓ ਵੀ ਜਾਰੀ ਕੀਤੀ ਹੈ, ਜਿਸ ’ਚ ਝੰਡਾ ਲਹਿਰਾਉਂਦੇ ਵਿਖਾਇਆ ਗਿਆ ਹੈ। ਐੱਸ. ਐੱਸ. ਪੀ. ਹਰਵਿੰਦਰ ਸਿੰਘ ਵਿਰਕ ਨੇ ਫਿਲਹਾਲ ਇਸ ਮਾਮਲੇ ’ਤੇ ਕੋਈ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ ਹੈ। 15 ਅਗਸਤ ਤੋਂ ਠੀਕ ਪਹਿਲਾਂ ਹੋਈ ਇਸ ਘਟਨਾ ਮਗਰੋਂ ਸੁਰੱਖਿਆ ਏਜੰਸੀਆਂ ਅਤੇ ਪੁਲਸ ਪ੍ਰਸ਼ਾਸਨ ਨੂੰ ਹਾਈ ਅਲਰਟ ’ਤੇ ਰੱਖਿਆ ਗਿਆ ਹੈ।

## ਪੰਜਾਬ ਦੇ 65 ਪ੍ਰਤੀਸ਼ਤ ਤੋਂ ਵੱਧ ਨੌਜਵਾਨ ਨਸ਼ੇ ਦੀ ਲਪੇਟ ’ਚ ! ਵਿਧਾਨ ਸਭਾ ਕਮੇਟੀ ਦੀ ਰਿਪੋਰਟ ’ਚ ਹੈਰਾਨੀਜਨਕ ਖੁਲਾਸੇ

**ਚੰਡੀਗੜ੍ਹ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ 65 ਪ੍ਰਤੀਸ਼ਤ ਤੋਂ ਵੱਧ ਨੌਜਵਾਨ ਨਸ਼ੇ ਦੀ ਲਪੇਟ ’ਚ ਹਨ। ਜੀ ਹਾਂ, ਇਹ ਕੋਈ ਬਿਆਨ ਨਹੀਂ ਹੈ, ਸਗੋਂ ਪੰਜਾਬ ਵਿਧਾਨ ਸਭਾ ਕਮੇਟੀ ਦੇ ਹੈਰਾਨੀਜਨਕ ਅਤੇ ਚਿੰਤਾਜਨਕ ਅੰਕੜੇ ਹਨ। ਵਿਧਾਨ ਸਭਾ ਕਮੇਟੀ ਨੇ ਪੰਜਾਬ ਦੇ ਸਿਹਤ ਢਾਂਚੇ ਤੇ ਇਲਾਜ ਪ੍ਰਣਾਲੀ ’ਤੇ ਵੀ ਚਿੰਤਾ ਜਤਾਈ ਅਤੇ ਸਰਕਾਰ ਨੂੰ ਵੱਖ-ਵੱਖ ਸਿਵਲ ਹਸਪਤਾਲਾਂ ’ਚ ਮਰੀਜ਼ਾਂ ਲਈ ਬੈਡਾਂ ਦੀ ਗਿਣਤੀ ਵਧਾਉਣ ਦੀ ਸਿਫ਼ਾਰਸ਼ ਕੀਤੀ ਹੈ। ਕਮੇਟੀ ਨੇ ਪੰਜਾਬ ’ਚ ਨਸ਼ਾ ਛੁਡਾਊ ਕੇਂਦਰਾਂ ਦੇ ਪ੍ਰਬੰਧਾਂ ’ਤੇ ਵੀ ਅਸੰਤੁਸ਼ਟੀ ਜ਼ਾਹਰ ਕੀਤੀ ਹੈ। ਇਸ ਦੇ ਨਾਲ ਹੀ ਲੁਧਿਆਣਾ ਸਿਵਲ ਹਸਪਤਾਲ ’ਚ ਮਰੀਜ਼ਾਂ ਨੂੰ ਦਾਖਲ ਨਾ ਕੀਤੇ ਜਾਣ ’ਤੇ ਵੀ ਸਖਤ ਟਿੱਪਣੀ ਕੀਤੀ ਹੈ। ਕਮੇਟੀ ਨੇ 7 ਜੁਲਾਈ ਅਤੇ 14 ਜੁਲਾਈ 2026 ਨੂੰ ਹੋਈਆਂ ਮੀਟਿੰਗਾਂ ਦੌਰਾਨ ਡੀ-ਐਡੀਕਸ਼ਨ ਪ੍ਰੋਗਰਾਮ, OAT ਕਲੀਨਿਕਾਂ ਅਤੇ ਨਸ਼ਾ ਛੁਡਾਉਣ ਲਈ ਵਰਤੀ ਜਾ ਰਹੀ Buprenorphine ਦਵਾਈ ਦੇ ਇਸਤੇਮਾਲ ਬਾਰੇ ਵਿਸਥਾਰ ਨਾਲ ਸਮੀਖਿਆ ਕੀਤੀ। ਰਿਪੋਰਟ ਵਿੱਚ ਚਿੰਤਾ ਜਤਾਈ ਹੈ ਕਿ ਪੰਜਾਬ ਵਿੱਚ ਨਸ਼ੇ ਦੀ ਲਪੇਟ ਵਿੱਚ 65 ਫ਼ੀਸਦੀ ਵੱਧ ਨੌਜਵਾਨ ਹਨ, ਜਿਨ੍ਹਾਂ ਦੀ ਉਮਰ 18 ਤੋਂ 35 ਸਾਲ ਦੇ ਵਿਚਕਾਰ ਹੈ। ਕਮੇਟੀ ਨੇ ਸਥਿਤੀ ਨੂੰ ਬਹੁਤ ਗੰਭੀਰ ਕਰਾਰ ਦਿੰਦਿਆਂ ਸਰਕਾਰ ਨੂੰ ਡੀ-ਐਡੀਕਸ਼ਨ ਪ੍ਰੋਗਰਾਮ ਵਿੱਚ ਮੌਜੂਦ ਕਮੀਆਂ ਨੂੰ ਤੁਰੰਤ ਦੂਰ ਕਰਨ ਲਈ ਵਿਸਥਾਰਤ ਕਾਰਜ ਯੋਜਨਾ ਤਿਆਰ ਕਰਨ ਦੀ ਸਿਫ਼ਾਰਸ਼ ਕੀਤੀ ਹੈ ਅਤੇ ਉਸ ਦੀ ਰਿਪੋਰਟ ਕਮੇਟੀ ਅੱਗੇ ਵੀ ਪੇਸ਼ ਕਰਨ ਲਈ ਕਿਹਾ ਹੈ।



ਰਿਪੋਰਟ ਅਨੁਸਾਰ 2022 ਤੋਂ 2026 ਤੱਕ Buprenorphine ਗੋਲੀਆਂ ਦੀ ਖਰੀਦ ਵਿੱਚ ਲਗਾਤਾਰ ਵਾਧਾ ਹੋਇਆ ਹੈ। ਸਾਲ 2022 ਵਿੱਚ 7 ਕਰੋੜ, 2023 ਵਿੱਚ 9 ਕਰੋੜ 44 ਲੱਖ, 2024 ਵਿੱਚ 10 ਕਰੋੜ, 2025 ਵਿੱਚ 11 ਕਰੋੜ ਅਤੇ 2026 ਵਿੱਚ ਹੁਣ ਤੱਕ 6 ਕਰੋੜ (2 ਮਿਲੀਗ੍ਰਾਮ) ਟੈਬਲੇਟਾਂ ਖਰੀਦੀਆਂ ਜਾ ਚੁੱਕੀਆਂ ਹਨ। ਇਹ ਦਵਾਈਆਂ ਸਰਕਾਰੀ OOAT ਕਲੀਨਿਕਾਂ ਵਿੱਚ ਸਪਲਾਈ ਕੀਤੀਆਂ ਜਾਂਦੀਆਂ ਹਨ। ਸਰਕਾਰ ਦਾ ਕਹਿਣਾ ਹੈ ਕਿ ਨਸ਼ਿਆਂ ਵਿਰੁੱਧ ਮੁਹਿੰਮ ਕਾਰਨ ਗੈਰਕਾਨੂੰਨੀ ਡਰੱਗ ਸਪਲਾਈ ਪ੍ਰਭਾਵਿਤ ਹੋਈ, ਜਿਸ ਤੋਂ ਬਾਅਦ ਵੱਧ ਗਿਣਤੀ ਵਿੱਚ ਨਸ਼ਾ ਪੀੜਤ ਇਲਾਜ ਲਈ ਸਰਕਾਰੀ ਕੇਂਦਰਾਂ ਵਿੱਚ ਪਹੁੰਚੇ। ਕਮੇਟੀ ਅੱਗੇ ਪੇਸ਼ ਕੀਤੇ ਗਏ ਅੰਕੜਿਆਂ ਮੁਤਾਬਕ 2022 ਵਿੱਚ ਨਵੇਂ ਰਜਿਸਟਰ ਮਰੀਜ਼ਾਂ ਦੀ ਗਿਣਤੀ ਕਰੀਬ 2 ਲੱਖ ਸੀ, ਜੋ 2026 ਵਿੱਚ ਵੱਧ ਕੇ 3.17 ਲੱਖ ਦੇ ਕਰੀਬ ਹੋ ਗਈ। ਇਸ ਦੇ ਨਾਲ ਸਰਕਾਰ ਨੇ ਡੀ-ਐਡੀਕਸ਼ਨ ਸੈਂਟਰਾਂ ਵਿੱਚ ਬੈਡਾਂ ਦੀ ਗਿਣਤੀ ਵੀ ਵਧਾਈ ਅਤੇ ਸਰਕਾਰੀ ਹਸਪਤਾਲਾਂ, ਮੈਡੀਕਲ ਕਾਲਜਾਂ, ਨਰਸਿੰਗ ਕਾਲਜਾਂ ਅਤੇ ਕੁਝ ਐਨਜੀਓ ਹਸਪਤਾਲਾਂ ਨੂੰ ਇਸ ਮੁਹਿੰਮ ਨਾਲ ਜੋੜਿਆ, ਜਿਸ ਨਾਲ ਕਰੀਬ 2,800 ਬੈੱਡ ਉਪਲਬਧ ਕਰਵਾਏ ਗਏ। ਹਾਲਾਂਕਿ ਕਮੇਟੀ ਨੇ ਇਲਾਜ ਪ੍ਰਣਾਲੀ ’ਤੇ ਕਈ ਗੰਭੀਰ ਸਵਾਲ ਵੀ ਖੜ੍ਹੇ ਕੀਤੇ।

## ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਦੀ ਚੰਡੀਗੜ੍ਹ ’ਚ ਮਹਾਂਰੈਲੀ, ਪੁਲਿਸ ਨੇ ਚਲਾਈਆਂ ਪਾਣੀ ਦੀਆਂ ਬੁਛਾੜਾਂ

**ਚੰਡੀਗੜ੍ਹ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਨੂੰ ਇੱਕ ਵਾਰ ਮੁੜ ਪੰਜਾਬ ਸਰਕਾਰ ਦੀ ਬੇਰੁਖ਼ੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਹਿੰਗਾਈ ਭੱਤੇ (ਡੀ. ਏ.) ਅਤੇ ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਦੇ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਵਿਚੋਂ ਚੰਡੀਗੜ੍ਹ ਰੋਸ ਪ੍ਰਗਟਾਉਣ ਪੁੱਜੇ ਮੁਲਾਜ਼ਮਾਂ ਨੂੰ ਡੀਏ ਤਾਂ ਨਹੀਂ ਸਗੋਂ ਪਾਣੀ ਦੀਆਂ ਬੁਛਾੜਾਂ ਜ਼ਰੂਰ ਮਿਲੀਆਂ ਹਨ। ਦੱਸ ਦਈਏ ਕਿ ਬੀਤੇ ਦਿਨੀ ਪੰਜਾਬ-ਹਰਿਆਣਾ ਹਾਈਕੋਰਟ ਨੇ ਬਕਾਇਆ ਡੀਏ ’ਤੇ ਮੁਲਾਜ਼ਮਾਂ ਦੇ ਹੱਕ ’ਚ ਫ਼ੈਸਲਾ ਸੁਣਾਇਆ ਸੀ ਅਤੇ ਪੰਜਾਬ ਸਰਕਾਰ ਨੂੰ 15 ਦਿਨਾਂ ਦੇ ਅੰਦਰ-ਅੰਦਰ ਡੀਏ ਜਾਰੀ ਕਰਨ ਦਾ ਹੁਕਮ ਦਿੱਤਾ ਸੀ, ਪਰੰਤੂ ਮੁਲਾਜ਼ਮਾਂ ਨੂੰ ਡੀਏ ਜਾਰੀ ਨਾ ਕਰਨ ਦੀ ਜ਼ਿੱਦ ਪੁਗਾਉਣ ਲਈ ਸਰਕਾਰ ਵੱਲੋਂ ਸੁਪਰੀਮ ਕੋਰਟ ਦਾ ਰੁਖ਼ ਕੀਤਾ ਗਿਆ। ਰੋਸ ਵੱਜੋਂ ਪੰਜਾਬ ਭਰ ਦੀਆਂ ਸਰਕਾਰੀ ਮੁਲਾਜ਼ਮ ਜਥੇਬੰਦੀਆਂ ਵੱਲੋਂ ਇਕੱਠੇ ਹੋ ਕੇ ਪੰਜਾਬ ਵਿਧਾਨ ਸਭਾ ਦੇ ਘਿਰਾਓ ਦਾ ਐਲਾਨ ਕੀਤਾ ਗਿਆ ਸੀ, ਜਿਸ ਤਹਿਤ ਮੁਲਾਜ਼ਮਾਂ ਵੱਲੋਂ ਚੰਡੀਗੜ੍ਹ ਵਿਖੇ ਇਕੱਠੇ ਹੋ ਕੇ ਪਹਿਲਾਂ ਪ੍ਰਦਰਸ਼ਨ ਕੀਤਾ ਗਿਆ, ਫਿਰ ਵਿਧਾਨ ਸਭਾ ਵੱਲ ਕੂਚ ਕੀਤਾ ਗਿਆ। ਪਰੰਤੂ ਚੰਡੀਗੜ੍ਹ ਪੁਲਿਸ ਨੇ ਰਸਤੇ ਵਿੱਚ ਰੋਕ ਲਿਆ ਅਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ। ਚੰਡੀਗੜ੍ਹ ਵਿੱਚ ਰੈਲੀ ਵਾਲੀ ਥਾਂ ਦੇ ਆਲੇ-ਦੁਆਲੇ ਵੱਡੀ ਗਿਣਤੀ ਵਿੱਚ ਪੁਲਿਸ ਤਾਇਨਾਤ ਕੀਤੀ ਗਈ ਹੈ। ਪੁਲਿਸ ਨੇ ਸਪੱਸ਼ਟ ਕੀਤਾ ਹੈ ਕਿ ਵਰਕਰਾਂ ਨੂੰ ਰੈਲੀ ਵਾਲੀ ਥਾਂ ’ਤੇ ਜਾਣ ਦੀ ਇਜਾਜ਼ਤ ਹੈ, ਪਰ ਜੇਕਰ ਉਹ ਪ੍ਰਦਰਸ਼ਨ ਤੋਂ ਬਾਅਦ ਜਾਣ ਦੀ ਕੋਸ਼ਿਸ਼ ਕਰਦੇ ਹਨ, ਤਾਂ ਉਨ੍ਹਾਂ ਨੂੰ ਅੱਗੇ ਵਧਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਸਾਰੇ ਪ੍ਰਦਰਸ਼ਨਕਾਰੀ ਵਰਕਰ ਅੱਜ ਸਮੂਹਿਕ ਛੁੱਟੀ ਲੈ ਕੇ ਪੰਜਾਬ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਲਈ ਪਹੁੰਚੇ ਹਨ, ਜਿਸ ਕਾਰਨ ਸੂਬੇ ਭਰ ਦੇ ਸਰਕਾਰੀ ਦਫਤਰਾਂ ’ਚ ਕੰਮ ਕਾਜ ਪੂਰੀ ਤਰ੍ਹਾਂ ਠੱਪ ਹੈ। ਦੱਸਿਆ ਜਾ ਰਿਹਾ ਹੈ ਕਿ ਅਧਿਆਪਕਾਂ ਨੇ ਇੱਕ ਦਿਨ ਪਹਿਲਾਂ ਹੀ ਛੁੱਟੀ ਦੀ ਵਿਉਂਤਬੰਦੀ ਕਰ ਲਈ ਸੀ। ਮਹਿੰਗਾਈ ਭੱਤੇ (ਡੀਏ) ਅਤੇ ਮਹਿੰਗਾਈ ਰਾਹਤ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਕਰਮਚਾਰੀਆਂ ਵਿਚਕਾਰ ਚੱਲ ਰਿਹਾ ਵਿਵਾਦ ਹੁਣ ਕਾਨੂੰਨੀ ਲੜਾਈ ਵਿੱਚ ਬਦਲ ਗਿਆ ਹੈ। ਇਹ ਮਾਮਲਾ ਜਨਵਰੀ 2023 ਵਿੱਚ ਸ਼ੁਰੂ ਹੋਇਆ ਸੀ ਅਤੇ ਹੁਣ ਸੁਪਰੀਮ ਕੋਰਟ ਤੱਕ ਪਹੁੰਚ ਗਿਆ ਹੈ। ਇਹ ਵਿਵਾਦ ਸੂਬੇ ਦੇ ਲਗਭਗ 600,000 ਤੋਂ 800,000 ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਪ੍ਰਭਾਵਿਤ ਕਰਦਾ ਹੈ। ਜਨਵਰੀ 2023 ਵਿੱਚ, ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਦੇ ਨਾਲ ਮਿਲ ਕੇ, ਕਰਮਚਾਰੀਆਂ ਅਤੇ ਪੈਨਸ਼ਨਰਾਂ ਲਈ ਡੀ. ਏ. ਅਤੇ ਡੀ. ਐਸ. ਵਾਧੇ ਨੂੰ ਰੋਕ ਦਿੱਤਾ। ਇਸ ਦੇ ਨਤੀਜੇ ਵਜੋਂ 18 ਪ੍ਰਤੀਸ਼ਤ ਡੀ. ਏ. ਵਾਧਾ ਲੰਬਿਤ ਪਿਆ।



## ਸਕੂਲ ’ਚ 7 ਲੋਕਾਂ ਨੂੰ ਗੋਲੀਬਾਰੀ ਤੋਂ ਪਹਿਲਾਂ ਦਾਦਾ-ਦਾਦੀ ਨੂੰ ਮਾਰ ਕੇ ਆਇਆ ਸੀ ਸ਼ੂਟਰ ਵਿਦਿਆਰਥੀ

**ਬੈਂਕਾਕ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਥਾਈਲੈਂਡ ਦੀ ਰਾਜਧਾਨੀ ਬੈਂਕਾਕ ’ਚ ਗੋਲੀਬਾਰੀ ਦੀ ਘਟਨਾ ਨੂੰ ਲੈ ਕੇ ਵੱਡਾ ਖੁਲਾਸਾ ਹੋਇਆ ਹੈ। ਪੁਲਿਸ ਨੇ ਇਸ ਮੰਦਭਾਗੀ ਘਟਨਾ ਬਾਰੇ ਤਾਜ਼ਾ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਕੂਲ ’ਚ ਵਾਪਰੇ ਗੋਲੀਕਾਂਡ ਨੂੰ ਅੰਜਾਮ ਦੇਣ ਵਾਲੇ ਵਿਦਿਆਰਥੀ ਨੇ ਕਥਿਤ ਤੌਰ ’ਤੇ ਪਹਿਲਾਂ ਆਪਣੇ ਦਾਦਾ-ਦਾਦੀ ਨੂੰ ਉਨ੍ਹਾਂ ਦੇ ਘਰ ਵਿੱਚ ਮਾਰ ਦਿੱਤਾ ਅਤੇ ਫਿਰ ਉਹ ਆਪਣੇ ਸਕੂਲ ਚਲਾ ਗਿਆ, ਜਿੱਥੇ ਉਸਨੇ ਵਿਦਿਆਰਥੀਆਂ ਅਤੇ ਅਧਿਆਪਕਾਂ ’ਤੇ ਗੋਲੀਬਾਰੀ ਕੀਤੀ। ਹਮਲੇ ਵਿੱਚ ਕਥਿਤ ਦੋਸ਼ੀ ਬੰਦੂਕਧਾਰੀ ਸਮੇਤ ਸੱਤ ਲੋਕਾਂ ਦੀ ਮੌਤ ਹੋ ਗਈ। ਪੁਲਿਸ ਨੇ ਕਿਹਾ ਕਿ ਬਾਅਦ ਵਿੱਚ ਵਿਦਿਆਰਥੀ ਨੇ ਘਟਨਾ ਤੋਂ ਬਾਅਦ ਖੁਦ ਨੂੰ ਵੀ ਗੋਲੀ ਮਾਰ ਲਈ ਸੀ ਅਤੇ ਉਸ ਦੀ ਮੌਕੇ ’ਤੇ ਮੌਤ ਹੋ ਗਈ ਸੀ। ਥਾਈ ਪੁਲਿਸ ਦੇ ਅਨੁਸਾਰ, ਕਿਸ਼ੋਰ ਪਹਿਲਾਂ ਆਪਣੇ ਦਾਦਾ-ਦਾਦੀ ਦੇ ਘਰ ਗਿਆ ਅਤੇ ਬੈਂਕਾਕ ਦੇ ਉੱਤਰ-ਪੱਛਮ ਵਿੱਚ, ਨੋਂਥਾਬੁਰੀ ਪ੍ਰਾਂਤ ਵਿੱਚ ਡੇਬਸੀਰਿਨ ਨੋਂਥਾਬੁਰੀ ਸਕੂਲ ਜਾਣ ਤੋਂ ਪਹਿਲਾਂ ਦੋਵਾਂ ਨੂੰ ਗੋਲੀ ਮਾਰ ਦਿੱਤੀ। ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਹਮਲੇ ਵਿੱਚ ਵਰਤਿਆ ਗਿਆ ਹਥਿਆਰ ਵਿਦਿਆਰਥੀ ਦੇ ਪਰਿਵਾਰ ਦੇ ਇੱਕ ਮੈਂਬਰ ਦਾ ਸੀ। ਅਧਿਕਾਰੀ ਦੋਵਾਂ ਗੋਲੀਬਾਰੀ ਦੇ ਪਿੱਛੇ ਦੇ ਉਦੇਸ਼ ਦੀ ਜਾਂਚ ਜਾਰੀ ਰੱਖ ਰਹੇ ਹਨ। ਗੋਲੀਬਾਰੀ ਨੇ ਸਕੂਲ ਕੈਂਪਸ ਵਿੱਚ ਦਹਿਸ਼ਤ ਫੈਲਾ ਦਿੱਤੀ, ਕਿਉਂਕਿ ਵਿਦਿਆਰਥੀ ਭੱਜਣ ਲਈ ਭੱਜੇ ਜਦੋਂ ਕਿ ਐਮਰਜੈਂਸੀ ਸੇਵਾਵਾਂ ਮੌਕੇ ’ਤੇ ਪਹੁੰਚੀਆਂ। ਅਧਿਆਪਕਾਂ ਨੂੰ ਸਕੂਲ ਦੇ ਬਾਹਰ ਇੱਕ ਦੂਜੇ ਨੂੰ ਦਿਲਾਸਾ ਦਿੰਦੇ ਦੇਖਿਆ ਗਿਆ, ਜਦੋਂ ਕਿ ਐਂਬੂਲੈਂਸਾਂ ਜ਼ਖਮੀਆਂ ਨੂੰ ਨੇੜਲੇ ਹਸਪਤਾਲਾਂ ਵਿੱਚ ਪਹੁੰਚਾਉਂਦੀਆਂ ਦਿਖਾਈ ਦਿੱਤੀਆਂ। ਇੱਕ 18 ਸਾਲਾ ਵਿਦਿਆਰਥੀ ਨੇ ਕਿਹਾ ਕਿ ਉਸਨੇ ਸ਼ੁਰੂ ਵਿੱਚ ਗੋਲੀਬਾਰੀ ਨੂੰ ਪਟਾਕੇ ਸਮਝ ਲਿਆ। ਵਿਦਿਆਰਥੀ ਨੇ ਖੌਫ ਦੇ ਪਲਾਂ ਨੂੰ ਯਾਦ ਕਰਦਿਆਂ ਦੱਸਿਆ, “ਵਾਰ-ਵਾਰ ਉੱਚੀਆਂ ਆਵਾਜ਼ਾਂ ਆ ਰਹੀਆਂ ਸਨ। ਪਹਿਲਾਂ ਤਾਂ ਮੈਨੂੰ ਅਹਿਸਾਸ ਨਹੀਂ ਹੋਇਆ ਕਿ ਇਹ ਗੋਲੀਆਂ ਸਨ।” ਘਟਨਾ ਸਥਾਨ ਦੀਆਂ ਤਸਵੀਰਾਂ ਵਿੱਚ ਪੁਲਿਸ ਨੂੰ ਕੈਂਪਸ ਨੂੰ ਸੁਰੱਖਿਅਤ ਕਰਦੇ ਹੋਏ ਦਿਖਾਇਆ ਗਿਆ ਹੈ ਕਿਉਂਕਿ ਡਰੇ ਹੋਏ ਵਿਦਿਆਰਥੀ ਅਤੇ ਅਧਿਆਪਕ ਬਾਹਰ ਇਕੱਠੇ ਹੋਏ ਸਨ। ਥਾਈਲੈਂਡ ਦੇ ਸਿੱਖਿਆ ਮੰਤਰੀ ਪ੍ਰਾਸਰਟ ਜੰਤਾਰਾਰੁਆਂਗਟੋਂਗ ਨੇ ਪੁਸ਼ਟੀ ਕੀਤੀ ਕਿ ਹਮਲੇ ਵਿੱਚ ਮਾਰੇ ਗਏ ਲੋਕਾਂ ਵਿੱਚ ਅਧਿਆਪਕ ਅਤੇ ਵਿਦਿਆਰਥੀ ਦੋਵੇਂ ਸ਼ਾਮਲ ਸਨ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar

www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਪੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---


# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

# ਸ਼ਹਾਦਤਾਂ ਦੀ ਮਹਿਕ ਨਾਲ ਰੌਸ਼ਨ ਧਰਤੀ- ਗੁਰੂ ਕੇ ਬਾਗ ਦਾ ਮੋਰਚਾ

## ਅੱਜ ’ਤੇ ਵਿਸ਼ੇਸ਼







**ਗੁਰਦੁਆਰਾ ਗੁਰੂ ਕਾ ਬਾਗ (ਘੁੱਕੇਵਾਲੀ) ਸ੍ਰੀ ਅੰਮ੍ਰਿਤਸਰ ਸਾਹਿਬ** ਤੋਂ ਕੋਈ 13 ਕੁ ਮੀਲ ਤੇ ਸਥਿੱਤ ਹੈ। ਗੁਰੂ ਅਰਜਨ ਦੇਵ ਜੀ ਨੇ ਸੰਨ 1583 ਵਿੱਚ ਸਿੱਖੀ ਦੇ ਪ੍ਰਚਾਰ ਦੌਰੇ ਦੌਰਾਨ ਆਪਣੇ ਪਵਿੱਤਰ ਚਰਨ ਇਸ ਜਗ੍ਹਾ ਪਾਏ ਸਨ। ਇਸ ਜਗ੍ਹਾ ਗੁਰਦੁਆਰਾ ਸਾਹਿਬ ਬਣਵਾਇਆ ਗਿਆ। ਇਸ ਗੁਰਦੁਆਰਾ ਸਾਹਿਬ ਦਾ ਨਾਂ ਉਸ ਵੇਲੇ ‘ਰੋੜ ਸਾਹਿਬ’ ਰੱਖਿਆ ਗਿਆ। ਦੂਜੀ ਵਾਰ ਫਿਰ ਦੁਬਾਰਾ ਗੁਰੂ ਅਰਜਨ ਦੇਵ ਸਾਹਿਬ ਇਸ ਅਸਥਾਨ ਤੇ ਪਧਾਰੇ ਤਾਂ ਬਾਬਾ ਲਾਲ ਚੰਦ ਨੇ ਇਸ ਥਾਂ ਬੜਾ ਸੁੰਦਰ ਮਕਾਨ ਬਣਵਾਇਆ ਤੇ ਬੰਜ਼ਰ ਪਈ ਜ਼ਮੀਨ ’ਚ ਬਾਗ ਲਗਵਾ ਦਿੱਤਾ ਤਾਂ ਇਸ ਗੁਰਦੁਆਰਾ ਸਾਹਬ ਦਾ ਨਾਂ ‘ਗੁਰੂ ਕਾ ਬਾਗ’ ਪ੍ਰਸਿੱਧ ਹੋ ਗਿਆ। ਇਸ ਪਵਿੱਤਰ ਧਰਤੀ ਨੂੰ ਨੌਵੇਂ ਸਤਿਗੁਰੂ ਜੀ ਦੀ ਚਰਨ

ਆਵਾਜ਼ਿ ਕੌਮ
AWAZE QAUM
International Newspaper & WEB TV

ਛੋਹ ਵੀ ਪ੍ਰਾਪਤ ਹੈ।

ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਤੋਂ ਬਾਅਦ ਜਦ ਸਿੰਘ ਆਪਣੇ ਘਰ ਘਾਟ ਤਿਆਗ ਕੇ ਜੰਗਲਾਂ ਬੇਲਿਆਂ ਵਿੱਚ ਲੁੱਕ ਛਿੱਪ ਕੇ ਦਿਨ ਕੱਟਣ ਲੱਗੇ ਤਾਂ ਇਸ ਸਮੇਂ ’ਚ ਗੁਰਦਆਰਿਆਂ ਦਾ ਪ੍ਰਬੰਧ ਨਿਰਮਲੇ ਸੰਤ ਅਤੇ ਉਦਾਸੀ ਸੰਪਰਦਾਇ ਦੇ ਮਹੰਤਾਂ ਨੇ ਸੰਭਾਲ ਲਿਆ। ਜਦ ਪੰਜਾਬ ਦੀ ਧਰਤੀ ਉੱਪਰ ਫਿਰ ਤੋਂ ਸਿੱਖ ਪੰਥ ਦੀ ਤਾਕਤ ਜ਼ੋਰ ਫੜ ਗਈ ਤਾਂ ਮਹਾਰਾਜਾ ਰਣਜੀਤ ਸਿੰਘ ਦੀ ਅਗਵਾਈ ਵਿੱਚ ਸ਼ਕਤੀਸ਼ਾਲੀ ਰਾਜ ਕਾਇਮ ਹੋਇਆ। ਮਹਾਰਾਜਾ ਰਣਜੀਤ ਸਿੰਘ ਨੇ ਇਤਿਹਾਸਿਕ ਗੁਰਦੁਆਰਿਆਂ ਦੇ ਨਾਂਅ ਕਾਫੀ ਜਾਇਦਾਦਾਂ ਲਵਾਈਆਂ ਤਾਂ ਕਿ ਇੰਨ੍ਹਾਂ ਦੀ ਆਮਦਨ ਦੇ ਨਾਲ ਗੁਰੂ ਘਰ ਦਾ ਪ੍ਰਬੰਧ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ।

ਪਰ ਜਦ 1849 ਈ: ਵਿੱਚ ਪੰਜਾਬ ਦੀ ਧਰਤੀ ਉੱਪਰ ਅੰਗਰੇਜ਼ ਰਾਜ ਕਾਇਮ ਹੋ ਗਿਆ ਤਾਂ ਉਹਨਾਂ ਨੇ ਸਿੱਖੀ ਵਿਸ਼ਵਾਸ਼ ਨੂੰ ਖਤਮ ਕਰਨ ਲਈ ਇੱਕ ਯਤਨ ਆਰੰਭਿਆ ਕਿ ਸਿੱਖਾਂ ਨੂੰ ਗੁਰਦੁਆਰਿਆਂ ਨਾਲੋਂ ਤੋੜਿਆ ਜਾਵੇ। ਇਸ ਲਈ ਅੰਗਰੇਜ਼ਾਂ ਨੇ ਗੁਰਦੁਆਰਿਆਂ ਦੇ ਪ੍ਰਬੰਧ ਨੂੰ ਸੰਭਾਲ ਰਹੇ ਮਹੰਤਾਂ ਨੂੰ ਆਪਣੇ ਵੱਸ ਵਿੱਚ ਕੀਤਾ। ਗੁਰਦੁਆਰਿਆਂ ਦੀ ਚੋਖੀ ਆਮਦਨ ਅਤੇ ਦੂਜਾ ਅੰਗਰੇਜ਼ ਰਾਜ ਦੀ ਪੂਰੀ ਹਮਾਇਤ, ਜਿਸ ਕਰਕੇ ਮਹੰਤ ਸ਼ਰਾਬੀ ਅਤੇ ਆਯਾਸ਼ ਹੋ ਗਏ। ਗੁਰਦੁਆਰੇ ਅਯਾਸ਼ੀ ਦੇ ਅੱਡੇ ਬਣ ਗਏ। ਵੀਹਵੀਂ ਸਦੀ ਦੇ ਆਰੰਭ ਵਿੱਚ ਕੁੱਝ ਘਟਨਾਵਾਂ ਘਟੀਆਂ ਜਿੰਨ੍ਹਾਂ ਨੇ ਸਿੱਖ ਹਿਰਦੇ ਵਲੂੰਧਰ ਕੇ ਰੱਖ ਦਿੱਤੇ ਉਹਨਾਂ ਇਸ ਗੱਲ ਦਾ ਖਿਆਲ ਕੀਤਾ ਕਿ ਗੁਰਦੁਆਰਿਆਂ ਦਾ ਪ੍ਰਬੰਧ ਸੁਧਾਰਿਆ ਜਾਵੇ। ਦੋ ਘਟਨਾਵਾਂ ਨੇ ਸਿੱਖਾਂ ਨੂੰ ਕੁੱਝ ਜ਼ਿਆਦਾ ਹੀ ਝੰਜੋੜਿਆ ਪਹਿਲੀ ਤਾਂ ਇਹ ਕਿ 1914 ਈ: ਨੂੰ ਕਲਕੱਤੇ ਬਜਬਜ ਘਾਟ ਤੇ ਸ਼ਹੀਦ ਹੋਣ ਵਾਲੇ 22 ਸਿੱਖ ਮੁਸਾਫਿਰਾਂ ਦੇ ਬਾਰੇ ਅੰਗਰੇਜ਼ ਸਰਕਾਰ ਦੀ ਸ਼ਹਿ ਉੱਪਰ ਸ੍ਰੀ ਅਕਾਲ ਤਖਤ ਸਾਹਿਬ ਤੋਂ ਸ੍ਰ.ਅਰੂੜ ਸਿੰਘ ਰਾਹੀਂ ਹੁਕਮਨਾਮਾ ਜਾਰੀ ਕਰਵਾਇਆ ਗਿਆ ਕਿ ਉਹ ਸਿੱਖ ਨਹੀ ਸਨ। ਦੂਜਾ ਜਲ੍ਹਿਆਂ ਵਾਲੇ ਬਾਗ ਵਿੱਚ 1919 ਈ: ਦੀ ਵਿਸਾਖੀ ਨੂੰ ਘਟਨਾ ਘਟੀ ਜਿਸ ਵਿੱਚ 800 ਦੇ ਕਰੀਬ ਸਿੱਖ ਸਨ, ਸ਼ਹੀਦ ਕਰਨ ਵਾਲੇ ਜਨਰਲ ਡਾਇਰ ਨੂੰ ਸ੍ਰੀ ਦਰਬਾਰ ਸਾਹਿਬ ਦੇ ਸਰਬਰਾਹ ਸ੍ਰ.ਅਰੂੜ ਸਿੰਘ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਜਦ ਪੰਥ ਦਰਦੀਆਂ ਨੇ 5 ਅਕਤੂਬਰ 1920 ਨੂੰ ਗੁਰਦੁਆਰਾ ਬਾਬੇ ਦੀ ਬੇਰ ਸਿਆਲਕੋਟ ਦਾ ਪ੍ਰਬੰਧ ਆਪਣੇ ਹੱਥਾਂ ਵਿੱਚ ਲੈ ਲਿਆ ਤਾਂ ਸਿੱਖ ਪੰਥ ਵਿੱਚ ਇੱਕ ਨਵੀਂ ਜਾਗ੍ਰਿਤੀ ਲਹਿਰ ਪੈਦਾ ਹੋਈ ਜੋ ‘ਗੁਰਦੁਆਰਾ ਸੁਧਾਰ ਲਹਿਰ’ ਦੇ ਨਾਮ ਨਾਲ ਜਾਣੀ ਗਈ। ਇਸ ਸਮੇਂ ਦੌਰਾਨ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਹੋਂਦ ਵਿੱਚ ਆਏ, ਜਿਸ ਨਾਲ ਸਿੱਖ ਪੰਥ ਨੂੰ ਮਜ਼ਬੂਤ ਜਥੇਬੰਦੀ ਪ੍ਰਾਪਤ ਹੋਈ ਅਤੇ ਮਹੰਤ ਸ਼੍ਰੇਣੀ ਅੰਦਰ ਇਹ ਡਰ ਪੈਦਾ ਹੋ ਗਿਆ ਕਿ ਛੇਤੀ ਹੀ ਗੁਰਦੁਆਰਿਆਂ ਦਾ ਪ੍ਰਬੰਧ ਸਾਥੋਂ ਖੁੱਸ ਜਾਵੇਗਾ, ਕਿਉਂਕਿ ਗੁਰਦੁਆਰਿਆਂ ਨੂੰ ਉਹ ਆਪਣੀ ਨਿੱਜੀ ਜਾਇਦਾਦ ਅਤੇ ਨਿੱਜੀ ਆਮਦਨ ਦੇ ਸਾਧਨ ਸਮਝਦੇ ਸਨ, ਚਾਹੇ ਸਿੱਖ ਪੰਥ ਨੂੰ ਗੁਰਦੁਆਰਿਆਂ ਦੀ ਸੇਵਾ ਸੰਭਾਲ ਆਪਣੇ ਹੱਥਾਂ ਵਿੱਚ ਲੈਣ ਲਈ ਕਾਫੀ ਘਾਲਣਾ ਘਾਲਣੀ ਪਈ ਅਤੇ ਕਈ ਕੁਰਬਾਨੀਆਂ ਦੇਣੀਆਂ ਪਈਆਂ।

ਅੰਮ੍ਰਿਤਸਰ ਦੇ ਨੇੜ੍ਹੇ ਗੁਰੂ ਕਾ ਬਾਗ ਪਿੰਡ ਘੁੱਕੇਵਾਲੀ ਵਿੱਚ 8 ਫਰਵਰੀ 1921 ਨੂੰ ਉੱਥੋਂ ਦੇ ਮਹੰਤ ਸੁੰਦਰ ਦਾਸ ਨੇ ਗੁਰਦੁਆਰਾ ਗੁਰੂ ਕਾ ਬਾਗ ਵਿੱਚ 20 ਬਦਚਲਣ ਔਰਤਾਂ ਲਿਆਦੀਆਂ। ਸਿੱਖਾਂ ਦੇ ਵਿਰੋਧ ਕਰਨ ਤੇ ਉਸ ਨੇ ਮਾਫੀ ਮੰਗੀ ਤੇ ਕਿਹਾ ਕਿ ਮੈਂ ‘ਅੰਮ੍ਰਿਤ ਛੱਕ ਕੇ ਸਿੰਘ ਸੱਜ ਜਾਵਾਂਗਾ, ਇਸ ਲਈ ਮੇਰੇ ਕੋਲੋਂ ਗੁਰਦੁਆਰਾ ਸਾਹਿਬ ਦਾ ਕਬਜਾ ਨਾ ਲਿਆ ਜਾਵੇ’। ਸਾਰੇ ਸਿੱਖ ਮੰਨ ਗਏ, ਪਰ ਇਹ ਤਾਂ ਮਹੰਤ ਦੀ ਸਿਰਫ ਚਾਲ ਸੀ। ਜਿਸ ਵਿੱਚ ਉਹ ਕਾਮਯਾਬ ਹੋ ਗਿਆ। ਉਸ ਕੋਲ ਕੋਈ ਹੋਰ ਚਾਰਾ ਨਹੀ ਸੀ, ਕਿਉਂਕਿ ਹੋਰ ਕਈ ਗੁਰਦੁਆਰੇ ਸਿੱਖਾਂ ਨੇ ਮਹੰਤਾਂ ਤੋਂ ਅਜ਼ਾਦ ਕਰਾ ਲਏ ਸਨ। ਅੱਗੇ ਮਹੰਤ ਨੇ ਉੱਥੋਂ ਦੇ ਪੁਲਿਸ ਇੰਚਾਰਜ਼ ਮਿ: ਬੀ.ਟੀ ਨਾਲ ਮਿਲ ਕੇ ਇੱਕ ਚਾਲ ਚੱਲੀ। ਜਿਹੜੇ ਸਿੰਘ ਬਾਗ ਵਿੱਚੋਂ ਗੁਰੂ ਘਰ ਦੇ ਲੰਗਰ ਲਈ ਲੱਕੜਾਂ ਕੱਟਣ ਲਈ ਗਏ ਸਨ, ਉਹਨਾਂ ਨੂੰ ਚੋਰੀ ਦੇ ਇਲਜ਼ਾਮ ਵਿੱਚ ਗ੍ਰਿਫਤਾਰ ਕਰ ਲਿਆ ਤਾਂ ਉੱਥੇ ਮੋਰਚਾ ਲੱਗ ਗਿਆ।

ਪੰਜ-ਪੰਜ ਸਿੰਘਾਂ ਦੇ ਹੋਰ ਜਥੇ ਭੇਜੇ ਗਏ। ਫਿਰ ਸੌ-ਸੌ ਦੇ ਜਥੇ ਸ੍ਰੀ ਅਕਾਲ ਤਖਤ ਅੰਮ੍ਰਿਤਸਰ ਸਾਹਿਬ ਤੋਂ ਅਰਦਾਸਾ ਸੋਧ ਕੇ ਸ਼ਾਤਮਈ ਰਹਿ ਕੇ ਵਿਰੋਧ ਕਰਨ ਲਈ ਭੇਜਿਆ ਜਾਂਦਾ। ਜਥੇ ਨੂੰ ਗੁਮਟਾਲੇ ਪੁਲ ਤੇ ਘੇਰ ਕੇ ਮਿ. ਬੀ.ਟੀ, ਮਿ. ਲ਼ਾਬ, ਮਿ.ਜੈਕ ਫਰਸਨ ਦੇ ਹੁਕਮਾਂ ਤੇ ਸਿੰਘਾਂ ਨੂੰ ਵਾਲਾਂ ਤੋਂ ਫੜ੍ਹ ਕੇ ਘਸੀਟਿਆ ਜਾਂਦਾ, ਠੁੱਡ ਮਾਰੇ ਜਾਂਦੇ, ਗੰਦੇ ਛੱਪੜਾਂ ਵਿੱਚ ਸੁੱਟਿਆ ਜਾਂਦਾ, ਉੱਪਰ ਘੋੜੇ ਦੌੜਾਏ ਜਾਂਦੇ, ਗੁਪਤ ਅੰਗਾਂ ਤੇ ਸੱਟਾਂ ਮਾਰੀਆਂ ਜਾਂਦੀਆਂ। ਪਰ ਫਿਰ ਵੀ ਸਿੰਘ ਸ਼ਾਤਮਈ ਰਹਿ ਕੇ ਬਾਰ-ਬਾਰ ਉੱਠਦੇ ਤੇ ਫਿਰ ਸਰਕਾਰ ਵੱਲੋਂ ਸਿੰਘਾਂ ਨੂੰ ਕੁੱਟ-ਕੁੱਟ ਕੇ ਬੇਹੋਸ਼ ਕਰ ਦਿੱਤਾ ਜਾਂਦਾ ਤੇ ਜ਼ੇਲ੍ਹਾਂ ਵਿੱਚ ਸੁੱਟਿਆ ਜਾਂਦਾ। ਜਦ ਇਹ ਮੋਰਚਾ ਲੱਗਿਆ ਹੋਇਆ ਸੀ ਤਾਂ ਅੰਗਰੇਜ਼ ਸਰਕਾਰ ਦੇ ਤਸ਼ਦੱਦ ਸਹਿੰਦਿਆਂ ਨੂੰ ਪੰਡਿਤ ਮਦਨ ਮੋਹਨ ਮਾਲਵੀਆ, ਪਾਦਰੀ ਐਂਡਰਯੂਜ਼, ਸਰੋਜਨੀ ਨਾਇਡੋ, ਭਾਈ ਜੋਧ ਸਿੰਘ ਤੇ ਸਮੂਹ ਅਖਬਾਰਾਂ ਦੇ ਪੱਤਰਕਾਰ ਭਾਈਚਾਰੇ ਨੇ ਆਪਣੀਆਂ ਅੱਖਾਂ ਨਾਲ ਵੇਖਿਆ। ਇੰਨ੍ਹਾਂ ਦੀਆਂ ਅੱਖਾਂ ਵਿੱਚੋਂ ਵੀ ਹੰਝੂ ਵਹਿ ਤੁਰੇ। ਅੰਗਰੇਜ਼ ਸਰਕਾਰ ਦੀ ਰੱਜ ਕੇ ਨਿੰਦਾ ਹੋਈ। ਮਦਨ ਮੋਹਨ ਮਾਲਵੀਆ ਨੇ ਪੰਜਾਬ ਦੇ ਗਵਰਨਰ ਮੈਕਲੇਗਨ ਨੂੰ ਇਹ ਤਸ਼ਦੱਦ ਬੰਦ ਕਰਨ ਲਈ ਕਿਹਾ। ਅੰਤ 13 ਸਤੰਬਰ 1922 ਨੂੰ ਗਵਰਨਰ ਖੁਦ ਗੁਰੂ ਕੇ ਬਾਗ ਪੁੱਜਾ ਤਾਂ ਜਾ ਕੇ ਇਹ ਤਸ਼ਦੱਦ ਬੰਦ ਹੋਇਆ। ਇਸ ਮੋਰਚੇ ਦੌਰਾਨ 800 ਤੋਂ ਜ਼ਿਆਦਾ ਸਿੰਘ ਜ਼ਖਮੀ ਹੋਏ ਤੇ ਕੋਈ 5500 ਤੋਂ ਵੀ ਜ਼ਿਆਦਾ ਗ੍ਰਿਫਤਾਰੀਆਂ ਹੋਈਆਂ। ਫਿਰ ਇੱਕ ਰੀਟਾਇਰ ਇੰਜ਼ੀ. ਨੇ ਇਸ ਮਸਲੇ ਦਾ ਹੱਲ ਕੀਤਾ।

ਉਸ ਨੇ ਮਹੰਤਾਂ ਕੋਲੋਂ ਜ਼ਮੀਨ ਪਟੇ ਤੇ ਲੈ ਕੇ ਅਕਾਲੀਆਂ ਦੇ ਸਪੁਰਦ ਕਰ ਦਿੱਤੀ। ਇਸ ਗੁਰਦੁਆਰਾ ਸਾਹਿਬ ਤੇ ਅਕਾਲੀਆਂ ਦਾ ਕਬਜ਼ਾ ਹੋ ਗਿਆ। ਇਸ ਗੱਲ ਦੀ ਖ਼ਬਰ ਸਰਕਾਰ ਨੂੰ ਭੇਜੀ ਗਈ ਤਾਂ ਸਰਕਾਰ ਨੇ ਉੱਥੋਂ ਪੁਲਿਸ ਹਟਾ ਲਈ ਤੇ ਅਕਾਲੀ ਪੂਰੀ ਤਰ੍ਹਾਂ ਨਾਲ ਇਸ ਜ਼ਮੀਨ ਤੇ ਕਾਬਿਜ ਹੋ ਗਏ। ਗੁਰੂ ਕੇ ਬਾਗ ਦਾ ਮੋਰਚਾ ਫਤਿਹ ਹੋਣ ਨਾਲ ਗੁਰਦੁਆਰਾ ਸੁਧਾਰ ਲਹਿਰ ਹੋਰ ਮਜ਼ਬੂਤ ਹੋ ਗਈ। ਸਿੰਘਾਂ ਦੇ ਸਬਰ ਸੰਤੋਖ ਨਾਲ ਇਹ ਮੋਰਚਾ ਫਤਿਹ ਹੋ ਗਿਆ।

ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 6 ਅਗਸਤ ਦਿਨ ਵੀਰਵਾਰ ਨੂੰ ਸਵੇਰੇ 10 ਵਜ਼ੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। 7 ਅਗਸਤ ਦਿਨ ਸ਼ੁੱਕਰਵਾਰ ਨੂੰ 9 ਵਜ਼ੇ ਸਵੇਰੇ ਸਕੂਲੀ ਬੱਚਿਆਂ ਵਿੱਚ ਦਸਤਾਰ ਮੁਕਾਬਲਾ ਹੋਵੇਗਾ ਅਤੇ ਇਸੇ ਦਿਨ ਹੀ ਅੰਮ੍ਰਿਤ ਸੰਚਾਰ ਵੀ ਹੋਵੇਗਾ। 8 ਅਗਸਤ ਦਿਨ ਸ਼ਨੀਵਾਰ ਨੂੰ ਸਵੇਰੇ 8 ਵਜ਼ੇ ਤੋਂ ਸ਼ਾਮ 4 ਵਜ਼ੇ ਤੱਕ ਧਾਰਮਿਕ ਦੀਵਾਨ ਸਜਣਗੇ, ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣਗੇ। 8 ਅਗਸਤ ਨੂੰ ਸਿੰਘ ਸਹਿਬਾਨ, ਪੰਥਕ ਸ਼ਖ਼ਸੀਅਤਾ, ਕਥਾ ਵਾਚਕ, ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਹਾਜ਼ਰੀ ਭਰਨਗੇ। ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜ੍ਹਗੱਜ ਅਤੇ ਪ੍ਰਧਾਨ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਸ੍ਰ. ਹਰਜਿੰਦਰ ਸਿੰਘ ਧਾਮੀ ਵੀ ਪਹੁੰਚ ਰਹੇ ਹਨ। ਸਮੂਹ ਸੰਗਤਾਂ ਗੁਰਦਵਾਰਾ ਗੁਰੂ ਕੇ ਬਾਗ ਸ੍ਰੀ ਅੰਮ੍ਰਿਤਸਰ ਸਾਹਿਬ ਹੁੰਮ-ਹਮਾ ਕੇ ਪਹੁੰਚਣ ਜੀ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ:ਚੱਬਾ
ਤਰਨ ਤਾਰਨ ਰੋਡ, ਅੰਮ੍ਰਿਤਸਰ-143022**


ਪੰਥ ਬਚਾਓ
ਪੰਜਾਬ ਬਚਾਓ
ਹਮ ਰਾਖਤ ਪਾਤਸ਼ਾਹੀ ਦਾਵਾ
ਲਖ ਖੁਸੀਆ ਪਾਤਿਸਾਹੀਆ ਜੇ
ਸਤਿਗੁਰੁ ਨਦਰਿ ਕਰੇਇ ॥
ਕੋਟਿਨ-ਕੋਟਿ
ਧੰਨਵਾਦ
ਸੰਗਤ ਜੀ, ਆਪ ਜੀ ਦੀਆਂ ਅਸੀਸਾਂ ਦੁਆਵਾਂ ਸਦਕਾ ਦਾਸ ਨੂੰ " ਅਕਾਲੀ ਦਲ ਵਾਰਿਸ ਪੰਜਾਬ ਦੇ " ਪਾਰਟੀ ਵੱਲੋਂ " ਪਾਰਲੀਮੈਂਟ ਬੋਰਡ " ਦੇ ਪੰਜ ਮੈਂਬਰਾਂ ਵਿੱਚ ਸਾਮਿਲ ਕਰਨ ਤੇ ਦਾਸ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ, ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਸ ਮਨਪ੍ਰੀਤ ਸਿੰਘ ਇਯਾਲੀ ਅਤੇ ਸਮੁੱਚੀ ਹਾਈਕਮਾਡ ਦਾ ਬਹੁਤ ਬਹੁਤ ਧੰਨਵਾਦ ਕਰਦਾ ਹੈ, ਪਾਰਟੀ ਵੱਲੋਂ ਸ਼ਹੀਦਾਂ ਦੇ ਪਰਿਵਾਰਾਂ ਦਾ ਸਤਿਕਾਰ ਕਰਦਿਆਂ ਇੱਕ ਵੱਡਾ ਮਾਣ ਸ਼ਹੀਦ ਭਾਈ ਸਤਵੰਤ ਸਿੰਘ ਜੀ ਦੇ ਪਰਿਵਾਰ ਨੂੰ ਬਖਸ਼ਿਸ਼ ਕੀਤਾ ਗਿਆ ਹੈ, ਦਾਸ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨ ਦੇਹੀ ਨਾਲ ਨਿਭਾਵੇਗਾ,
ਸੰਗਤ ਜੀ ਆਪ ਜੀ ਦਾ ਪਿਆਰ ਸਤਿਕਾਰ ਹੀ ਸਾਡੀ ਸਭਤੋਂ ਵੱਡੀ ਤਾਕਤ ਹੈ, ਤੁਹਾਡਾ ਸਾਥ ਹੀ ਇਸ ਜ਼ਿੰਮੇਵਾਰੀ ਨੂੰ ਸੁਚੱਜੇ ਢੰਗ ਨਾਲ ਨਿਭਾਉਣ ਵਿੱਚ ਸਾਡੀ ਮਦਦ ਕਰੇਂਗਾ, ਦਾਸ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੇ ਹਰੇਕ ਵਰਕਰ ਦਾ ਅਤੇ ਦੇਸ਼ ਵਿਦੇਸ਼ ਵੱਸਦੀਆਂ ਸ਼ਹੀਦਾਂ ਦੇ ਅਸਥਾਨ ਨਾਲ ਜੁੜੀਆਂ ਸੰਗਤਾਂ ਦਾ ਵੀ ਬਹੁਤ ਬਹੁਤ ਧੰਨਵਾਦ ਕਰਦਾ ਹੈ, ਆਵੋ ਸਾਰੇ ਮਿਲਕੇ ਪੰਜਾਬ ਦੇ ਅਸਲ ਵਾਰਿਸਾਂ ਦੀ 2027 ਵਿੱਚ ਸਰਕਾਰ ਬਣਾਈਏ।
⋆ ਆਪ ਜੀ ਦਾ ਦਾਸ ⋆
ਬਾਬਾ ਸੁਖਵਿੰਦਰ ਸਿੰਘ ਅਗਵਾਨ ਮੁੱਖ ਸੇਵਾਦਾਰ ਕਾਰਸੇਵਾ ਅਗਵਾਨਾ ਵਾਲੇ
ਮੈਂਬਰ ਪਾਰਲੀਮੈਂਟ ਬੋਰਡ, ਅਕਾਲੀ ਦਲ ਵਾਰਿਸ ਪੰਜਾਬ ਦੇ
ਸੰਪਰਕ : +91 8360764070
ਅਕਾਲੀ ਦਲ ਵਾਰਿਸ ਪੰਜਾਬ ਦੇ
ਬਾਪੂ ਤਰਸੇਮ ਸਿੰਘ
ਕਾਰਜਕਾਰੀ ਪ੍ਰਧਾਨ ਅਕਾਲੀ ਦਲ ਵਾਰਿਸ ਪੰਜਾਬ ਦੇ
ਆਵਾਜ਼ਿ ਕੌਮ AWAZE QAUM International Newspaper & WEB TV
ਬਾਬਾ ਸੁਖਵਿੰਦਰ ਸਿੰਘ ਅਗਵਾਨ
ਪਾਰਲੀਮੈਂਟ ਬੋਰਡ ਕਮੇਟੀ ਮੈਂਬਰ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਅਵਤਾਰ ਪੁਰਬ

☛ ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ। ☛ ਸਲਾਨਾ ਬਰਸੀ ਭਗਤ ਪੂਰਨ ਸਿੰਘ ਜੀ ਪਿੰਗਲਵਾੜਾ ☛ ਸਥਾਪਨਾ ਦਿਵਸ ਦਮਦਮੀ ਟਕਸਾਲ। ☛ ਸੰਪੂਰਨਤਾ ਦਿਵਸ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

☛ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਕੁਲਵੰਤ ਸਿੰਘ ਦੁਸਾਂਝ ਪ੍ਰਵਾਰ ਕਾਜਲਮੋਰਾਨੋ ਵੱਲੋਂ ਲਈ ਗਈ ਹੈ।


Bhagat Puran Singh 1902 - 1992

☛ ਸ਼ੁੱਕਰਵਾਰ 7 ਅਗਸਤ ਸਵੇਰੇ 10:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ। ☛ ਐਤਵਾਰ 9 ਅਗਸਤ 10:00 ਵਜੇ ਸੰਪੂਰਨ ਭੋਗ ਪੈਣਗੇ।

☛ ਸ਼ਨਿੱਚਰਵਾਰ 8 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 9 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਗੋਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਲਗਾਈ ਜਾਵੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap 26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




### ਕੇਜਰੀਵਾਲ ਦੀ ਟਿੱਪਣੀ ਉਨ੍ਹਾਂ ਦੀ ਰਾਜਨੀਤਿਕ ਘਬਰਾਹਟ ਦਾ ਸਬੂਤ

# ‘ਆਪ’ ਦੀ ਸਿੱਖਿਆ ਕ੍ਰਾਂਤੀ ਦਾ ਗੁਬਾਰਾ ਫਟ ਚੁੱਕਾ ਹੈ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 7 ਅਗਸਤ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸੰਸਦ ਭਵਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨਾਲ ਕੀਤੀ ਗਈ ਮੁਲਾਕਾਤ ’ਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਕੀਤੀ ਗਈ ਟਿੱਪਣੀ ਨੂੰ ਉਨ੍ਹਾਂ ਦੀ ਰਾਜਨੀਤਿਕ ਘਬਰਾਹਟ ਦਾ ਪ੍ਰਗਟਾਵਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਵੱਖ-ਵੱਖ ਰਾਜਾਂ ਅਤੇ ਰਾਜਨੀਤਿਕ ਦਲਾਂ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਨਾ ਇੱਕ ਆਮ, ਸੰਵਿਧਾਨਕ ਅਤੇ ਸਿਹਤਮੰਦ ਪਰੰਪਰਾ ਹੈ। ਅਜਿਹੀਆਂ ਮੁਲਾਕਾਤਾਂ ਨੂੰ ਫ਼ਿਲਮੀ ਡਾਇਲਾਗਾਂ ਅਤੇ ਸੋਸ਼ਲ ਮੀਡੀਆ ਦੇ ਤਨਜ਼ ਤੱਕ ਸੀਮਤ ਕਰਨਾ ਰਾਜਨੀਤਿਕ ਗੰਭੀਰਤਾ ਦੀ ਘਾਟ ਨੂੰ ਦਰਸਾਉਂਦਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਜੇਕਰ ਇਸ ਮੁਲਾਕਾਤ ਵਿੱਚ ਪੰਜਾਬ ਦੇ ਕਿਸਾਨਾਂ, ਸਰਹੱਦੀ ਸੁਰੱਖਿਆ, ਨਸ਼ਿਆਂ, ਉਦਯੋਗ, ਐੱਮ.ਐੱਸ.ਪੀ., ਪਾਣੀਆਂ ਜਾਂ ਸੂਬੇ ਦੇ ਵਿਕਾਸ ਵਰਗੇ ਮੁੱਦਿਆਂ ’ਤੇ ਚਰਚਾ ਹੋਈ ਹੈ ਤਾਂ ਇਹ ਪੰਜਾਬ ਦੇ ਹਿੱਤ ਵਿੱਚ ਸਕਾਰਾਤਮਿਕ ਗੱਲ ਹੈ। ਕੇਵਲ ਇੱਕ ਮੁਲਾਕਾਤ ਦੇ ਆਧਾਰ ’ਤੇ ਰਾਜਨੀਤਿਕ ਅਟਕਲਾਂ ਲਗਾਉਣਾ ਅਤੇ ਲੋਕਾਂ ਨੂੰ ਗੁੰਮਰਾਹ ਕਰਨਾ ਗੈਰ-ਜ਼ਿੰਮੇਵਾਰਾਨਾ ਰਵੱਈਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਸਪੱਸ਼ਟ ਰੁਖ ਹੈ ਕਿ ਪੰਜਾਬ ਦੇ ਹਿੱਤ ਨੂੰ ਪਹਿਲ ਹੈ। ਪਾਰਟੀ ਆਪਣੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਵਿੱਚ ਲੱਗੀ ਹੋਈ ਹੈ। ਪਾਰਟੀ ਨਾਲ ਸਬੰਧਤ ਹਰ ਰਾਜਨੀਤਿਕ ਫ਼ੈਸਲਾ ਸਮੇਂ-ਸਿਰ ਅਧਿਕਾਰਕ ਤੌਰ ’ਤੇ ਜਨਤਕ ਕੀਤਾ ਜਾਂਦਾ ਹੈ। ਇਸ ਲਈ ਬੇਬੁਨਿਆਦ ਕਿਆਸਅਰਾਈ ਕਰਨਾ ਸਿਰਫ਼ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਭਟਕਾਉਣ ਦੀ ਕੋਸ਼ਿਸ਼ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਪੰਜਾਬ ’ਚ ’ਆਪ’ ਦੀ ਕਥਿਤ “ਸਿੱਖਿਆ ਕ੍ਰਾਂਤੀ” ਦਾ ਗੁ.ਬਾਰਾ ਫਟ ਚੁੱਕਾ ਹੈ ਅਤੇ ਇਸ਼ਤਿਹਾਰਾਂ ਦੀ ਚਮਕ ਵੀ ਪੰਜਾਬ ਦੇ ਤਬਾਹ ਹੋਏ ਸਿੱਖਿਆ ਤੰਤਰ ਨੂੰ ਨਹੀਂ ਕੱਜ ਸਕਦੀ। ਕੇਜਰੀਵਾਲ ਪਹਿਲਾਂ ਪੰਜਾਬ ਦੇ ਲੋਕਾਂ ਨੂੰ ਇਹ ਦੱਸਣ ਕਿ ਉਨ੍ਹਾਂ ਦੀ ਕਥਿਤ “ਸਿੱਖਿਆ ਕ੍ਰਾਂਤੀ” ਦਾ ਕੀ ਬਣਿਆ? ਸਿੱਖਿਆ ਵਿਭਾਗ ਦੇ ਆਪਣੇ ਅੰਕੜੇ ਦੱਸਦੇ ਹਨ ਕਿ 31,370 ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਹਨ, ਸਰਕਾਰੀ ਕਾਲਜਾਂ ਵਿੱਚ 2,424 ਅਸਾਮੀਆਂ ਖਾਲੀ ਪਈਆਂ ਹਨ ਅਤੇ ਸਰਕਾਰੀ ਸਕੂਲਾਂ ਵਿੱਚੋਂ ਲਗਭਗ 6 ਲੱਖ ਵਿਦਿਆਰਥੀਆਂ ਦੇ ਦਾਖ਼ਲੇ ਘਟੇ ਹਨ। ਜੇ ਸਿੱਖਿਆ ਵਿੱਚ ਕ੍ਰਾਂਤੀ ਆਈ ਹੈ ਤਾਂ ਇਹ ਹਾਲਾਤ ਕਿਉਂ ਹਨ? ਉਨ੍ਹਾਂ ਕਿਹਾ ਕਿ ਜੋ ਲੋਕ ਸਿੱਖਿਆ, ਨਸ਼ਾ-ਮੁਕਤ ਪੰਜਾਬ ਅਤੇ ਇਮਾਨਦਾਰ ਰਾਜਨੀਤੀ ਦੇ ਵਾਅਦੇ ਕਰਕੇ ਸੱਤਾ ਵਿੱਚ ਆਏ ਸਨ, ਉਹ ਅੱਜ ਆਪਣੀਆਂ ਨਾਕਾਮੀਆਂ ਤੋਂ ਧਿਆਨ ਹਟਾਉਣ ਲਈ ਟਵਿੱਟਰ ਦੀ ਰਾਜਨੀਤੀ ਕਰ ਰਹੇ ਹਨ। ਪੰਜਾਬ ਦੇ ਲੋਕਾਂ ਨੂੰ ਫ਼ਿਲਮੀ ਡਾਇਲਾਗ ਨਹੀਂ, ਸਗੋਂ ਖਾਲੀ ਅਧਿਆਪਕ ਅਸਾਮੀਆਂ, ਡਗਮਗਾਉਂਦੀ ਕਾਨੂੰਨ-ਵਿਵਸਥਾ, ਨਸ਼ਿਆਂ ਦੇ ਵਧਦੇ ਜਾਲ ਅਤੇ ਟੁੱਟ ਰਹੇ ਪ੍ਰਸ਼ਾਸਨ ਬਾਰੇ ਜਵਾਬ ਚਾਹੀਦੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਜਿੱਥੇ ਤੱਕ ਕੇਜਰੀਵਾਲ ਵੱਲੋਂ ਵਰਤੀ ਗਈ ਭਾਸ਼ਾ ਦਾ ਸਵਾਲ ਹੈ, ਉਹ ਪਹਿਲਾਂ ਆਪਣੀ ਪਾਰਟੀ ਨਾਲ ਜੁੜੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਅਤੇ ਆਪਣੇ ਸਾਥੀਆਂ ਖ਼ਿਲਾਫ਼ ਚੱਲ ਰਹੇ ਮਾਮਲਿਆਂ ’ਤੇ ਪੰਜਾਬ ਦੇ ਲੋਕਾਂ ਨੂੰ ਜਵਾਬ ਦੇਣ। ਦੂਜਿਆਂ ’ਤੇ ਉਂਗਲ ਚੁੱਕਣ ਤੋਂ ਪਹਿਲਾਂ ਆਪਣੇ ਗਿਰੇਬਾਨ ਵਿੱਚ ਝਾਤ ਮਾਰਨੀ ਚਾਹੀਦੀ ਹੈ। ਅੰਤ ਵਿੱਚ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਭਾਜਪਾ ਦੀ ਰਾਜਨੀਤੀ ਸੋਸ਼ਲ ਮੀਡੀਆ ਦੇ ਤਨਜ਼ ਜਾਂ ਸਿਆਸੀ ਮਨੋਰੰਜਨ ’ਤੇ ਨਹੀਂ, ਸਗੋਂ ਵਿਕਾਸ, ਸੁਰੱਖਿਆ, ਸੁਸ਼ਾਸਨ ਅਤੇ ਲੋਕ-ਹਿੱਤ ਦੇ ਮੁੱਦਿਆਂ ’ਤੇ ਆਧਾਰਿਤ ਹੈ। ਪੰਜਾਬ ਦੇ ਲੋਕ ਹੁਣ ਨਾਅਰੇ ਨਹੀਂ, ਨਤੀਜੇ ਮੰਗ ਰਹੇ ਹਨ; ਪ੍ਰਚਾਰ ਨਹੀਂ, ਜਵਾਬਦੇਹੀ ਮੰਗ ਰਹੇ ਹਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
International Newspaper & WEB TV

# ਬਸੰਤ ਸਿੰਘ ਪੰਜਹੱਥਾ ਨੇ ਸਿੱਖ ਇਤਿਹਾਸ ਦੇ ਪ੍ਰਚਾਰ-ਪ੍ਰਸਾਰ ’ਤੇ ਦਿੱਤਾ ਜ਼ੋਰ



**ਬਲਾਚੌਰ, (ਪ੍ਰਤੀਨਿਧਿ)-**ਪੰਜਾਬ ਦੇ ਪ੍ਰਸਿੱਧ ਗੋਲਡ ਮੈਡਲਿਸਟ ਅਤੇ ਸਿੱਖ ਚਿੰਤਕ ਬਸੰਤ ਸਿੰਘ ਪੰਜਹੱਥਾ ਨੇ ਕਿਹਾ ਕਿ ਸਿੱਖ ਕੌਮ ਦੇ ਮਾਣਮੱਤੇ ਇਤਿਹਾਸ ਅਤੇ ਗੁਰੂ ਸਾਹਿਬਾਨ ਦੀਆਂ ਮਹਾਨ ਕੁਰਬਾਨੀਆਂ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਜੇਕਰ ਗੁਰੂ ਘਰਾਂ ਵਿੱਚ ਨਿਯਮਿਤ ਤੌਰ ’ਤੇ ਸਿੱਖ ਇਤਿਹਾਸ ਅਤੇ ਗੁਰਮਤਿ ਵਿਚਾਰਾਂ ਦਾ ਪ੍ਰਚਾਰ ਕੀਤਾ ਜਾਵੇ ਤਾਂ ਨੌਜਵਾਨ ਆਪਣੀ ਵਿਰਾਸਤ ਨਾਲ ਹੋਰ ਮਜ਼ਬੂਤੀ ਨਾਲ ਜੁੜ ਸਕਣਗੇ। ਉਨ੍ਹਾਂ ਕਿਹਾ ਕਿ ਸਿੱਖ ਸਾਹਿਤ ਅਤੇ ਇਤਿਹਾਸ ਦੇ ਅਧਿਐਨ ਨੂੰ ਉਤਸ਼ਾਹਿਤ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਨਾਲ ਆਉਣ ਵਾਲੀਆਂ ਪੀੜ੍ਹੀਆਂ ਵਿੱਚ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਪ੍ਰਤੀ ਆਸਥਾ ਅਤੇ ਸਤਿਕਾਰ ਹੋਰ ਵਧੇਗਾ। ਇਸ ਮੌਕੇ ਬਲਾਚੌਰ ਨਿਵਾਸੀ ਸਿੱਖ ਜੀ ਬੱਲੀ (ਫਿਰਕ) ਵੱਲੋਂ ਕਰਵਾਏ ਧਾਰਮਿਕ ਸਮਾਗਮ ਅਤੇ ਲੰਗਰ ਸੇਵਾ ਦੀ ਵੀ ਸ਼ਲਾਘਾ ਕੀਤੀ ਗਈ। ਬਸੰਤ ਸਿੰਘ ਪੰਜਹੱਥਾ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਮਾਜਿਕ ਉਪਰਾਲੇ ਸੰਗਤ ਵਿੱਚ ਆਪਸੀ ਪਿਆਰ, ਸਾਂਝ ਅਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਸਮਾਗਮ ਵਿੱਚ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਲਗਾਈ ਅਤੇ ਸਿੱਖ ਇਤਿਹਾਸ, ਗੁਰਮਤਿ ਪ੍ਰਚਾਰ ਅਤੇ ਸਮਾਜ ਦੀ ਚੜ੍ਹਦੀ ਕਲਾ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਹਾਜ਼ਰ ਸੰਗਤ ਨੇ ਅਜਿਹੇ ਉਪਰਾਲਿਆਂ ਨੂੰ ਸਮੇਂ ਦੀ ਲੋੜ ਦੱਸਦਿਆਂ ਇਨ੍ਹਾਂ ਨੂੰ ਲਗਾਤਾਰ ਜਾਰੀ ਰੱਖਣ ਦੀ ਅਪੀਲ ਕੀਤੀ।

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ 41ਵਾਂ ਸਲਾਨਾ ਸਾਵਣ ਮੇਲਾ 9 ਨੂੰ

## ਪ੍ਰਿੰ: ਇੰਦਰਜੀਤ ਕੌਰ ਸੋਹਲ ਯਾਦਗਾਰੀ ਐਵਾਰਡ ਕਹਾਣੀਕਾਰਾ ਯਤਿੰਦਰ ਕੌਰ ਮਾਹਲ ਨੂੰ


ਪ੍ਰਿੰ: ਇੰਦਰਜੀਤ ਕੌਰ ਸੋਹਲ ਯਤਿੰਦਰ ਕੌਰ ਮਾਹਲ ਡਾ: ਹਰਸਿਮਰਨ ਕੌਰ

**ਬਾਬਾ ਬਕਾਲਾ ਸਾਹਿਬ 7 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਪਿਛਲੇ 41 ਸਾਲਾਂ ਤੋਂ ਲਗਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾ ਰਹੀ ਪੰਜਾਬ ਦੀ ਨਾਮਵਰ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ 41ਵਾਂ ਸਲਾਨਾ ਸਾਵਣ ਮੇਲਾ ਮਿਤੀ 9 ਅਗਸਤ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਕੂਲ, ਚੂੰਗ (ਮਹਿਤਾ ਚੌਂਕ) ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਿੰਸੀਪਲ ਇੰਦਰਜੀਤ ਕੌਰ ਸੋਹਲ ਯਾਦਗਾਰੀ ਐਵਾਰਡ ਐਤਕੀਂ ਨਾਮਵਰ ਕਹਾਣੀਕਾਰਾ ਯਤਿੰਦਰ ਕੌਰ ਮਾਹਲ (ਕਾਰਜਕਾਰੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ) ਨੂੰ ਦਿੱਤਾ ਜਾਵੇਗਾ। ਸਮਾਗਮ ਦੇ ਮੁੱਖ ਮਹਿਮਾਨ ਡਾ: ਹਰਸਿਮਰਨ ਕੌਰ (ਇੰਚਾਰਜ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ) ਹੋਣਗੇ। ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਿੰ: ਤੇਜਬੀਰ ਸਿੰਘ ਸੋਹਲ, ਪ੍ਰਿੰ: ਜਸਪ੍ਰੀਤ ਕੌਰ ਸੋਹਲ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲੰਦਿਰਜੀਤ ਸਿੰਘ ਰਾਜਨ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸਕੱਤਰ ਨਵਦੀਪ ਸਿੰਘ ਬਦੇਸ਼ਾ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਦੱਸਿਆ ਹੈ ਕਿ ਇਸ ਮੌਕੇ ਸਾਵਣ’ ਨੂੰ ਸਮਰਪਿਤ ਕਵੀ ਦਰਬਾਰ ਹੋਵੇਗਾ। ’ਸਾਵਣ’ ਦੇ ਰੰਗ’ ਖੀਰ-ਪੂੜਿਆਂ ਦੇ ਸੰਗ ਹੋਣਗੇ ਅਤੇ ਪੰਜਾਬੀ ਦੇ ਨਾਮਵਰ ਗਾਇਕ ’ਸਾਵਣ’ ਨੂੰ ਸਮਰਪਿਤ ਗਾਇਕੀ ਦੇ ਜੌਹਰ ਦਿਖਾਉਣਗੇ।

# ਮਾਣ ਭੱਤੇ ਵਿੱਚ ਵਾਧੇ ਦੀ ਮੰਗ ਨੂੰ ਲੈ ਕੇ ਜੁਝਾਰੂ ਆਂਗਨਵਾੜੀ ਵਰਕਰਾਂ ਨੇ ਸਰਕਾਰ ਨੂੰ ਦਿੱਤੀ ਚੇਤਾਵਨੀ



ਤਲਵੰਡੀ ਸਾਬੋ, 07 ਅਗਸਤ (ਗੁਰਜੰਟ ਸਿੰਘ ਨਥੇਹਾ)- ਜੁਝਾਰੂ ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਪੰਜਾਬ ਦੀ ਇੱਕ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਰੀਮਾ ਰਾਣੀ ਦੀ ਅਗਵਾਈ ਹੇਠ ਹੋਈ। ਮੀਟਿੰਗ ਦਾ ਮੁੱਖ ਏਜੰਡਾ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਮਾਣ ਭੱਤੇ ਵਿੱਚ ਵਾਧੇ ਦੀ ਮੰਗ ਸੀ। ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸੂਬਾ ਪ੍ਰਧਾਨ ਰੀਮਾ ਰਾਣੀ ਨੇ ਦੱਸਿਆ ਕਿ 23 ਜੁਲਾਈ 2026 ਨੂੰ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈ ਮੀਟਿੰਗ ਦੌਰਾਨ ਉਨ੍ਹਾਂ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਯੂਨੀਅਨ ਦੇ ਵਫ਼ਦ ਦੀ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਵਾਈ ਜਾਵੇਗੀ। ਪਰੰਤੂ 15 ਦਿਨ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਮੁੱਖ ਮੰਤਰੀ ਨਾਲ ਮੀਟਿੰਗ ਦਾ ਸਮਾਂ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜੇਕਰ ਅਗਲੇ ਹਫ਼ਤੇ ਤੱਕ ਮੁੱਖ ਮੰਤਰੀ ਨਾਲ ਮੀਟਿੰਗ ਦਾ ਸਮਾਂ ਨਹੀਂ ਮਿਲਦਾ ਤਾਂ ਜੁਝਾਰੂ ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਵੱਲੋਂ 18 ਅਗਸਤ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਸੰਗਰੂਰ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਆਨਲਾਈਨ ਮੀਟਿੰਗ ਵਿੱਚ ਸੂਬਾ ਪ੍ਰਧਾਨ ਰੀਮਾ ਰਾਣੀ ਤੋਂ ਇਲਾਵਾ ਸ਼ਿੰਦਰਪਾਲ ਕੌਰ, ਸਤਵੰਤ ਕੌਰ ਰਾਮਾਂ, ਜਸਵੰਤ ਕੌਰ, ਬਲਜੀਤ ਕੌਰ, ਸਰਬਜੀਤ ਕੌਰ ਮਹਿਰਾਜ ਅਤੇ ਹੋਰ ਆਗੂ ਵੀ ਹਾਜ਼ਰ ਸਨ।

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

## ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ

(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)

ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।



ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV




## ਚੰਡੀਗੜ੍ਹ ਮਹਾ ਰੈਲੀ ਵਿਚ
# ਸ਼ਾਮਿਲ ਹੋਣ ਲਈ ਜੱਥਾ ਰਵਾਨਾ ਹੋਇਆ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੁਲਾਜਮ ਤੇ ਪੈਨਸਨਰ ਸਾਂਝਾ ਫਰੰਟ ਵੱਲੋਂ ਅਨਾਜ ਮੰਡੀ ਸੈਕਟਰ 39ਚੰਡੀਗੜ੍ਹ ਵਿਖੇ ਡੀ ਏ ਅਤੇ ਪੁਰਾਣੀ ਪੈਨਸ਼ਨ ਬਿਹਾਲੀ ਸੰਬੰਧੀ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸਨ ( ਵਿਗਿਆਨਿਕ ) ਜਿਲ੍ਹਾ ਸੰਗਰੂਰ ਵੱਲੋਂ ਮਹਾਂਰੈਲੀ ਵਿੱਚ ਰਾਜਵੀਰ ਸਿੰਘ ਦੀ ਅਗਵਾਈ ਵਿੱਚ ਸਮੂਲੀਅਤ ਕੀਤੀ ਇਸ ਮਹਾਂਰੈਲੀ ਅਸ਼ੋਕ ਕੁਮਾਰ ਧੂਰੀ,ਕੇਵਲ ਸਿੰਘ ਬਾਦਸਾਹਪੁਰ, ਨਿਰਭੈ ਸਿੰਘ ਲੱਡਾ, ਮਨਪ੍ਰੀਤ ਸਿੰਘ ਭਸੌੜ, ਮਨਦੀਪ ਸਿੰਘ ਢਢੋਗਲ, ਸੁਖਜਿੰਦਰ ਸਿੰਘ, ਵਾਸਿੰਗਟਨ ਸਿੰਘ, ਕੁਲਵੰਤ ਸਿੰਘ ਪੁੰਨਾਵਾਲ, ਜਗਸੀਰ ਸਿੰਘ ਬਮਾਲ ਆਦਿ ਸਾਥੀ ਸਾਮਲ ਹੋਏ।

ਆਵਾਜ਼ਿ ਕੌਮ AWAZE QAUM
International Newspaper & WEB TV

## ਮੋਦੀ-ਸੁਖਬੀਰ ਮੁਲਾਕਾਤ ਨੇ ਪੰਜਾਬ ਦੀ ਸਿਆਸਤ 'ਚ ਪਾਈ ਹਲਚਲ, ਅਕਾਲੀ ਦਲ-ਭਾਜਪਾ ਗੱਠਜੋੜ ਦੀਆਂ ਚਰਚਾਵਾਂ ਮੁੜ ਤੇਜ਼





**ਨਵੀਂ ਦਿੱਲੀ, 7 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸ਼ੁੱਕਰਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਸੰਸਦ ਭਵਨ ਕੰਪਲੈਕਸ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਕੀਤੀ ਗਈ ਮੁਲਾਕਾਤ ਤੋਂ ਬਾਅਦ ਪੰਜਾਬ ਦੀ ਸਿਆਸਤ ਵਿੱਚ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿਚਕਾਰ ਮੁੜ ਗੱਠਜੋੜ ਹੋਣ ਦੀਆਂ ਚਰਚਾਵਾਂ ਇੱਕ ਵਾਰ ਫਿਰ ਤੇਜ਼ ਹੋ ਗਈਆਂ ਹਨ। 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਮੁਲਾਕਾਤ ਨੂੰ ਅਹਿਮ ਮੰਨਿਆ ਜਾ ਰਿਹਾ ਹੈ। ਸੂਤਰਾਂ ਅਨੁਸਾਰ ਦੋਵਾਂ ਆਗੂਆਂ ਵਿਚਾਲੇ ਕਈ ਸਿਆਸੀ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਹੋਇਆ। ਹਾਲਾਂਕਿ ਦੋਵਾਂ ਪਾਰਟੀਆਂ ਦੇ ਨੇਤਾਵਾਂ ਨੇ ਮੁਲਾਕਾਤ ਦੇ ਵੇਰਵਿਆਂ ਬਾਰੇ ਖੁੱਲ੍ਹ ਕੇ ਕੁਝ ਨਹੀਂ ਕਿਹਾ, ਪਰ ਸਿਆਸੀ ਹਲਕਿਆਂ ਵਿੱਚ ਇਹ ਅਟਕਲਾਂ ਲਗਾਈਆਂ ਜਾ ਰਹੀਆਂ ਹਨ ਕਿ ਦੋਵੇਂ ਪੁਰਾਣੇ ਸਾਥੀ ਮੁੜ ਇਕੱਠੇ ਹੋ ਸਕਦੇ ਹਨ। ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਇਸ ਬਾਰੇ ਟਿੱਪਣੀ ਕਰਨ ਤੋਂ ਇਨਕਾਰ ਕਰਦਿਆਂ ਸਿਰਫ਼ ਇੰਨਾ ਕਿਹਾ ਕਿ ਦੋਵੇਂ ਆਗੂਆਂ ਦੀ ਮੁਲਾਕਾਤ ਹੋਈ ਹੈ ਅਤੇ ਇਸ ਤੋਂ ਵੱਧ ਉਹ ਇਸ ਵੇਲੇ ਕੁਝ ਨਹੀਂ ਕਹਿ ਸਕਦੇ। ਸੂਤਰਾਂ ਦਾ ਕਹਿਣਾ ਹੈ ਕਿ ਦੇਸ਼ ਦੇ ਮੌਜੂਦਾ ਸਿਆਸੀ ਹਾਲਾਤਾਂ ਅਤੇ ਵਿਰੋਧੀ ਧਿਰਾਂ ਦੇ ਇਕੱਠੇ ਹੋਣ ਦੀਆਂ ਕੋਸ਼ਿਸ਼ਾਂ ਨੂੰ ਦੇਖਦਿਆਂ ਭਾਜਪਾ ਵੀ ਆਪਣੇ ਪੁਰਾਣੇ ਸਾਥੀਆਂ ਨੂੰ ਮੁੜ ਨਾਲ ਜੋੜਨ ਦੇ ਪੱਖ ਵਿੱਚ ਨਜ਼ਰ ਆ ਰਹੀ ਹੈ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਲਗਭਗ ਦੋ ਦਹਾਕਿਆਂ ਤੱਕ ਸਿਆਸੀ ਸਾਥੀ ਰਹੇ। ਪਰ 2020 ਵਿੱਚ ਕੇਂਦਰ ਸਰਕਾਰ ਦੇ ਖੇਤੀ ਕਾਨੂੰਨਾਂ ਦੇ ਵਿਰੋਧ ਦੌਰਾਨ ਅਕਾਲੀ ਦਲ ਨੇ ਰਾਸ਼ਟਰੀ ਲੋਕਤੰਤਰੀ ਗੱਠਜੋੜ (ਐਨਡੀਏ) ਤੋਂ ਆਪਣਾ ਨਾਤਾ ਤੋੜ ਲਿਆ ਸੀ। ਬਾਅਦ ਵਿੱਚ ਕੇਂਦਰ ਸਰਕਾਰ ਨੇ ਇਹ ਖੇਤੀ ਕਾਨੂੰਨ ਵਾਪਸ ਲੈ ਲਏ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਿੱਲੀ ਗੁਰਦੁਆਰਾ ਕਮੇਟੀ ਨੇ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ

# ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ




**ਨਵੀਂ ਦਿੱਲੀ, 7 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਬੰਗਲਾ ਸਾਹਿਬ, ਗੁਰਦੁਆਰਾ ਬਾਲਾ ਸਾਹਿਬ, ਗੁਰਦੁਆਰਾ ਰਕਾਬਗੰਜ ਸਾਹਿਬ ਅਤੇ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਗੁਰਮਤਿ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਰਾਗੀ ਸਿੰਘਾਂ ਦੇ ਜੱਥਿਆਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਮੁੱਖ ਗੁਰਮਤਿ ਸਮਾਗਮ ਗੁਰਦੁਆਰਾ ਰਕਾਬਗੰਜ ਸਾਹਿਬ ਦੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋਇਆ, ਜਿਸ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਨਿੱਕੀ ਉਮਰ ਵਿਚ ਹੀ ਮਨੁੱਖਤਾ ਦੀ ਨਿਸ਼ਕਾਮ ਸੇਵਾ, ਦਇਆ ਅਤੇ ਪਰਉਪਕਾਰ ਦਾ ਅਜਿਹਾ ਆਦਰਸ਼ ਪੇਸ਼ ਕੀਤਾ ਜੋ ਅੱਜ ਵੀ ਸਮੁੱਚੀ ਮਨੁੱਖਤਾ ਲਈ ਮਾਰਗਦਰਸ਼ਕ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਖ਼ਸ਼ਿਸ਼ ਸਦਕਾ ਗੁਰਦੁਆਰਾ ਬੰਗਲਾ ਸਾਹਿਬ ਅੱਜ ਵੀ ਦੁਖੀ ਮਨੁੱਖਤਾ ਲਈ ਆਸ ਅਤੇ ਸਹਾਰੇ ਦਾ ਕੇਂਦਰ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸੇਵਾ ਪਰੰਪਰਾ ਨੂੰ ਅੱਗੇ ਵਧਾਉਂਦਿਆਂ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਬਾਲਾ ਪ੍ਰੀਤਮ ਦਵਾਖਾਨਿਆਂ, ਗੁਰੂ ਹਰਿਕ੍ਰਿਸ਼ਨ ਪੌਲੀਕਲੀਨਿਕ ਅਤੇ ਬਾਲਾ ਸਾਹਿਬ ਹਸਪਤਾਲ ਰਾਹੀਂ ਸੰਗਤ ਨੂੰ ਘੱਟ ਖਰਚ ਜਾਂ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਬਾਲਾ ਸਾਹਿਬ ਹਸਪਤਾਲ ਵਿੱਚ 50 ਬੈੱਡਾਂ ਦੀ ਸਹੂਲਤ ਉਪਲਬਧ ਹੈ ਅਤੇ ਜਲਦ ਹੀ ਕਾਰਡੀਓਲਾਜੀ ਵਿਭਾਗ ਵੀ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਕਮੇਟੀ ਵੱਲੋਂ ਡਾ. ਗੁਰਨਾਮ ਸਿੰਘ ਨੂੰ ਸ਼੍ਰੋਮਣੀ ਕੀਰਤਨੀਏ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ 90 ਸਾਲਾ ਭਾਈ ਸਵਰਨ ਸਿੰਘ, ਜੋ ਪਿਛਲੇ 74 ਸਾਲਾਂ ਤੋਂ ਜੋੜੀ ਦੀ ਸੇਵਾ ਨਿਭਾ ਰਹੇ ਹਨ, ਨੂੰ ਪਹਿਲਾ ਸ਼੍ਰੋਮਣੀ ਕੀਰਤਨ ਸੇਵਾ ਐਵਾਰਡ ਭੇਟ ਕੀਤਾ ਗਿਆ। ਕਮੇਟੀ ਆਗੂਆਂ ਨੇ ਐਲਾਨ ਕੀਤਾ ਕਿ ਦਿੱਲੀ ਕਮੇਟੀ ਅਧੀਨ ਸੇਵਾ ਨਿਭਾ ਰਹੇ ਰਾਗੀ ਸਿੰਘਾਂ ਵਿਚੋਂ ਚੰਗੀ ਕੀਰਤਨ ਸ਼ੈਲੀ, ਪਹਿਰਾਵੇ, ਅਨੁਸ਼ਾਸਨ ਅਤੇ ਸੇਵਾ ਭਾਵਨਾ ਦੇ ਆਧਾਰ 'ਤੇ ਹਰ ਸਾਲ ਇੱਕ ਰਾਗੀ ਸਿੰਘ ਨੂੰ ਸਵਾ ਲੱਖ ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਹ ਯੋਜਨਾ 12 ਸਤੰਬਰ ਤੋਂ ਲਾਗੂ ਕੀਤੀ ਜਾਵੇਗੀ। ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਸਬੰਧੀ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਮੌਜੂਦਾ ਕਮੇਟੀ ਦੀ ਟੀਮ ਨੇ ਕਮੇਟੀ ਅਧੀਨ ਚਲ ਰਹੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੀ ਪਿਛਲੇ ਪ੍ਰਬੰਧਕਾਂ ਵੱਲੋਂ ਕੀਤੇ ਕੁਪ੍ਰਬੰਧ ਨੂੰ ਖ਼ਤਮ ਕਰ ਕੇ ਇਹਨਾਂ ਸਕੂਲਾਂ ਨੂੰ ਮੁੜ ਲੀਹ 'ਤੇ ਪਾਉਣ ਦਾ ਯਤਨ ਕੀਤਾ ਹੈ। ਉਹਨਾਂ ਕਿਹਾ ਕਿ ਇਹਨਾਂ ਸਕੂਲਾਂ ਦੇ ਸਟਾਫ ਨੇ ਸਾਡੇ ਨਾਲ ਐਮ ਓ ਯੂ ਸਾਈਨ ਕੀਤੇ ਹਨ ਤੇ ਅਸੀਂ 25-25 ਸਾਲਾਂ ਤੋਂ ਰੁਕੇ ਹੋਏ ਸਾਰੇ ਬਕਾਏ ਜਾਰੀ ਕਰ ਰਹੇ ਹਾਂ। ਓਨ੍ਹਾ ਦੱਸਿਆ ਕਿ ਸ਼੍ਰੋਮਣੀ ਕੀਰਤਨੀਏ ਐਵਾਰਡ ਲਈ 11 ਲੱਖ ਰੁਪਏ ਦੀ ਇਨਾਮੀ ਰਾਸ਼ੀ ਦੀ ਸੇਵਾ ਨਿਊ ਜਰਸੀ (ਅਮਰੀਕਾ) ਵਾਸੀ ਸਰਦਾਰ ਗੁਰਜੀਤ ਸਿੰਘ ਚਲਾਵਾ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਨਿਭਾਈ ਗਈ ਹੈ।

### ਡਾ. ਗੁਰਨਾਮ ਸਿੰਘ ਨੂੰ ਸ਼੍ਰੋਮਣੀ ਕੀਰਤਨੀਏ ਐਵਾਰਡ ਤੇ ਭਾਈ ਸਵਰਨ ਸਿੰਘ ਨੂੰ ਸ਼੍ਰੋਮਣੀ ਕੀਰਤਨ ਸੇਵਾ ਐਵਾਰਡ ਨਾਲ ਕੀਤਾ ਗਿਆ

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਡੇਅਰੀਵਾਲ ਸੀਨੀਅਰ ਸੈਕੰਡਰੀ ਸਕੂਲ ਦੀ ਗਰਾਊਂਡ ਵਿੱਚ ਬੂਟੇ ਲਗਾਏ



**ਚੌਕ ਮਹਿਤਾ, 7 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿੰਡ ਡੇਅਰੀਵਾਲ ਦੀ ਪੰਚਾਇਤ ਅਤੇ ਸਰਪੰਚ ਪਰਮਿੰਦਰ ਸਿੰਘ ਔਜਲਾ ਦੇ ਸਹਿਯੋਗ ਨਾਲ ਡੇਅਰੀਵਾਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਛਾਂਦਾਰ ਅਤੇ ਫਲਾਂ ਵਾਲ਼ੇ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਬੂਟੇ ਲਗਾਏ ਗਏ। ਕਿਉਂ ਕਿ ਦਿਨੋਂ ਦਿਨ ਗੱਡੀਆ ਧੂੰਆਂ, ਜ਼ਿਹਰੀਲੀਆਂ ਗੈਸਾਂ ਕਾਰਣ ਸਾਡਾ ਵਾਤਾਵਰਣ ਖ਼ਰਾਬ ਹੁੰਦਾ ਜਾ ਰਿਹਾ ਹੈ। ਇਸ ਕਰਕੇ ਸਾਨੂੰ ਵੱਧ ਤੋਂ ਵੱਧ ਆਪਣੇ ਆਪਣੇ ਪਿੰਡਾਂ ਵਿੱਚ ਬੂਟੇ ਲਗਾਉਣੇ ਚਾਹੀਦੇ ਹਨ ਇਹ ਵਿਚਾਰ ਸਰਪੰਚ ਪਰਮਿੰਦਰ ਸਿੰਘ ਔਜਲਾ ਡੇਅਰੀਵਾਲ, ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ, ਅਤੇ ਸਮਾਜ ਸੇਵੀ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤੇ। ਇਸ ਮੌਕੇ ਤੇ ਸਰਪੰਚ ਪਰਮਿੰਦਰ ਸਿੰਘ ਔਜਲਾ ਡੇਅਰੀਵਾਲ, ਸਮਾਜ ਸੇਵੀ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ, ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ, ਸਰਪੰਚ ਬਲਰਾਜ ਸਿੰਘ ਕੰਗ ਸਰਾਂ, ਬਚਿੱਤਰ ਸਿੰਘ ਪਿੰਕੂ ਡੇਅਰੀਵਾਲ, ਸੁਖਦੀਪ ਸਿੰਘ ਮੈਂਬਰ ਸਰਾਂ, ਸੁਰਿੰਦਰਪਾਲ ਸਿੰਘ ਮੇਹਰਵਾਨਪੁਰਾ, ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਪੈਸ਼ਲ ਡਰਾਈਵ ਫਾਰ ਐਲਡਰਲੀ ਮੁਹਿੰਮ ਤਹਿਤ 167 ਮਰੀਜ਼ਾਂ ਦਾ ਚੈਕਅੱਪ, 63 ਨੂੰ ਮੁਫ਼ਤ ਐਨਕਾਂ ਵੰਡੀਆਂ



ਤਲਵੰਡੀ ਸਾਬੋ, 07 ਅਗਸਤ (ਗੁਰਜੰਟ ਸਿੰਘ ਨਥੇਹਾ)- ਮਾਣਯੋਗ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਐੱਸ.ਡੀ.ਐੱਚ. ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਸਪੈਸ਼ਲ ਡਰਾਈਵ ਫਾਰ ਐਲਡਰਲੀ ਮੁਹਿੰਮ ਤਹਿਤ ਅੱਖਾਂ ਦੀ ਜਾਂਚ ਅਤੇ ਮੁਫ਼ਤ ਐਨਕਾਂ ਵੰਡਣ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 45 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਵਿਅਕਤੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਲੋੜਵੰਦ ਮਰੀਜ਼ਾਂ ਨੂੰ ਨੇੜੇ ਦੀ ਨਿਗ੍ਹਾ ਲਈ ਮੁਫ਼ਤ ਐਨਕਾਂ ਵੰਡੀਆਂ ਗਈਆਂ। ਇਸ ਮੌਕੇ ਕੁੱਲ 167 ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ, ਜਿਨ੍ਹਾਂ ਵਿੱਚੋਂ 63 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਜਾਂਚ ਦੌਰਾਨ 14 ਮਰੀਜ਼ਾਂ ਵਿੱਚ ਚਿੱਟੇ ਮੋਤੀਏ ਦੀ ਪਛਾਣ ਕੀਤੀ ਗਈ, ਜਿਨ੍ਹਾਂ ਨੂੰ ਅਗਲੇ ਇਲਾਜ ਲਈ ਸਲਾਹ ਅਤੇ ਲੋੜੀਂਦੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਅਜਿਹੇ ਕੈਂਪਾਂ ਦਾ ਮੁੱਖ ਉਦੇਸ਼ ਵੱਧ ਉਮਰ ਦੇ ਲੋਕਾਂ ਵਿੱਚ ਨਜ਼ਰ ਸੰਬੰਧੀ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਨੂੰ ਮੁਫ਼ਤ ਅਤੇ ਬਿਹਤਰ ਇਲਾਜ ਦੀ ਸਹੂਲਤ ਪ੍ਰਦਾਨ ਕਰਨਾ ਹੈ। ਕੈਂਪ ਦੌਰਾਨ ਡਾ. ਨਿਰਣੈ ਸਿੰਘ ਮੈਡੀਕਲ ਅਫ਼ਸਰ ਅਤੇ ਅੱਖਾਂ ਦੇ ਰੋਗਾਂ ਦੇ ਮਾਹਿਰ ਅਤੇ ਸ਼੍ਰੀਮਤੀ ਸ਼ਵੇਤਾ ਅਪਥਾਲਮਿਕ ਅਫ਼ਸਰ ਨੇ ਵੀ ਆਪਣੀਆਂ ਸੇਵਾਵਾਂ ਨਿਭਾਈਆਂ ਅਤੇ ਮਰੀਜ਼ਾਂ ਦੀ ਜਾਂਚ ਕਰਕੇ ਲੋੜੀਂਦੀ ਸਲਾਹ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਨਹਿਰੂ-ਮਾਸਟਰ ਤਾਰਾ ਸਿੰਘ ਪੈਕਟ ਅਨੁਸਾਰ ਗੁਰਧਾਮਾਂ ਦੇ ਦਰਸ਼ਨਾਂ ਲਈ ਤੁਰੰਤ ਸਰਹੱਦਾਂ ਅਤੇ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲਿਆ ਜਾਵੇ : ਮਾਨ



ਨਵੀਂ ਦਿੱਲੀ, 7 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਨਹਿਰੂ-ਮਾਸਟਰ ਤਾਰਾ ਸਿੰਘ ਸਮਝੌਤੇ ਦੀ ਭਾਵਨਾ ਅਨੁਸਾਰ ਸਿੱਖਾਂ ਨੂੰ ਆਪਣੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਕਰਤਾਰਪੁਰ ਸਾਹਿਬ ਲਾਂਘਾ ਅਤੇ ਵਾਹਗਾ, ਅਟਾਰੀ, ਸੁਲੇਮਾਨਕੀ ਤੇ ਹੁਸੈਨੀਵਾਲਾ ਸਰਹੱਦਾਂ ਤੁਰੰਤ ਖੋਲ੍ਹੀਆਂ ਜਾਣ। ਉਨ੍ਹਾਂ ਕਿਹਾ ਕਿ ਇਸ ਨਾਲ ਸਿਰਫ਼ ਧਾਰਮਿਕ ਯਾਤਰਾ ਹੀ ਨਹੀਂ, ਸਗੋਂ ਪੰਜਾਬ ਦੇ ਵਪਾਰ ਅਤੇ ਖੇਤੀਬਾੜੀ ਨੂੰ ਵੀ ਮੱਧ ਏਸ਼ੀਆ, ਰੂਸ ਅਤੇ ਅਰਬ ਦੇਸ਼ਾਂ ਨਾਲ ਜੋੜਨ ਦੇ ਮੌਕੇ ਮਿਲਣਗੇ ਅਤੇ ਦੇਸ਼ ਦੀ ਅਰਥਵਿਵਸਥਾ ਨੂੰ ਵੀ ਲਾਭ ਹੋਵੇਗਾ। ਸਰਦਾਰ ਮਾਨ ਨੇ ਦੋਸ਼ ਲਾਇਆ ਕਿ ਪੰਜਾਬ ਨਾਲ ਲੱਗਦੀਆਂ ਸਰਹੱਦਾਂ ਬੰਦ ਰੱਖਣਾ ਸਿੱਖਾਂ ਅਤੇ ਪੰਜਾਬੀਆਂ ਨਾਲ ਵਿਤਕਰਾ ਹੈ। ਪਾਰਟੀ ਮੁੱਖ ਦਫ਼ਤਰ ਵਿਖੇ ਸਨੌਰ ਵਿਧਾਨ ਸਭਾ ਹਲਕੇ ਦੇ ਆਗੂ ਭੁਪਿੰਦਰ ਸਿੰਘ ਮਸੀਗਣ ਆਪਣੇ ਸੈਂਕੜੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਿੱਚ ਸ਼ਾਮਲ ਹੋਏ, ਜਿਨ੍ਹਾਂ ਦਾ ਮਾਨ ਨੇ ਸਵਾਗਤ ਕੀਤਾ। ਇਸ ਮੌਕੇ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਸਿੱਖ ਕੌਮ ਦੇ ਰਾਜਨੀਤਿਕ ਹੱਕਾਂ, ਬੰਦੀ ਸਿੰਘਾਂ ਦੀ ਰਿਹਾਈ, ਮਹਿਲਾਵਾਂ ਦੀ ਸੁਰੱਖਿਆ ਅਤੇ ਪੰਥਕ ਏਕਤਾ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ 15 ਅਗਸਤ ਨੂੰ ਚੰਡੀਗੜ੍ਹ ਵਿੱਚ ਸਮੁੱਚੀਆਂ ਪੰਥਕ ਜਥੇਬੰਦੀਆਂ ਵੱਲੋਂ ਵੱਡਾ ਇਕੱਠ ਕੀਤਾ ਜਾਵੇਗਾ। ਮਾਨ ਨੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਸਿੱਖ ਮਸਲਿਆਂ ਵੱਲ ਧਿਆਨ ਦਿਵਾਉਣ ਦੀ ਲੋੜ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਖੇਤਰੀ ਅਮਨ ਅਤੇ ਸਥਿਰਤਾ ਲਈ ਸਿੱਖਾਂ ਨਾਲ ਹੋ ਰਹੇ ਵਿਤਕਰੇ ਦਾ ਹੱਲ ਲੱਭਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਉੱਤੇ ਰਾਸ਼ਟਰੀ ਪ੍ਰਤੀਕਾਂ ਅਤੇ ਗੀਤਾਂ ਨੂੰ ਜ਼ਬਰਦਸਤੀ ਥੋਪਣ ਦੀ ਬਜਾਏ ਸਾਰੀਆਂ ਕੌਮਾਂ ਨੂੰ ਬਰਾਬਰ ਸਨਮਾਨ ਮਿਲਣਾ ਚਾਹੀਦਾ ਹੈ। ਸਮਾਗਮ ਵਿੱਚ ਜਸਪਾਲ ਸਿੰਘ ਗਿੱਲ, ਧਰਮ ਸਿੰਘ ਕਲੌੜ, ਹਰਮੀਤ ਸਿੰਘ ਸੋਢੀ ਸਮੇਤ ਕਈ ਪਾਰਟੀ ਆਗੂ ਅਤੇ ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਇੰਡੀਅਨ ਟੈਲੈਂਟ ਓਲੰਪੀਆਡ ਵੱਲੋਂ ਸੇਂਟ ਸੋਲਜਰ ਸਕੂਲ ਦੇ ਡਾਇਰੈਕਟਰ

# ਪ੍ਰਿੰਸੀਪਲ ਸ਼੍ਰੀਮਤੀ ਡਾ.ਅਮਰਪ੍ਰੀਤ ਕੌਰ ਸਰਵੋਤਮ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ




**ਜੰਡਿਆਲਾ ਗੁਰੂ 7 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਸਕੂਲ ਨੇ ਇੱਕ ਵਾਰ ਫਿਰ ਆਪਣੀ ਕੁਆਲਿਟੀ ਐਜੂਕੇਸ਼ਨ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਦੇ ਵਾਅਦੇ ਨੂੰ ਨਿਭਾਇਆ ਹੈ। ਸਕੂਲ ਨੇ ਆਪਣੇ ਵਿਦਿਆਰਥੀਆਂ ਦੇ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਅਤੇ ਆਪਣੇ ਅਧਿਆਪਕਾਂ ਦੀ ਸਖਤ ਮਿਹਨਤ, ਸਮਰਪਣ ਦੇ ਸਨਮਾਨ ਵਿੱਚ ਇੰਡੀਅਨ ਟੈਲੈਂਟ ਓਲੰਪੀਆਡ ਸੰਸਥਾ ਵੱਲੋਂ ਵੱਕਾਰੀ ਸਨਮਾਨ ਪ੍ਰਾਪਤ ਕਰਕੇ ਆਪਣੀਆਂ ਸਫਲਤਾਵਾਂ ਦੀ ਕਿਤਾਬ ਵਿੱਚ ਇੱਕ ਨਵਾਂ ਗੋਲਡਨ ਅਧਿਆਏ ਜੋੜਿਆ ਹੈ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੂੰ ਇੰਡੀਅਨ ਟੈਲੈਂਟ ਓਲੰਪੀਆਡ ਵੱਲੋਂ ਬੈਸਟ ਪ੍ਰਿੰਸੀਪਲ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸੇਂਟ ਸੋਲਜਰ ਸਕੂਲ ਨੂੰ ਵੱਕਾਰੀ ਗੋਲਡਨ ਸਕੂਲ ਅਵਾਰਡ ਨਾਲ ਵੀ ਸਨਮਾਨਿਤ ਕੀਤਾ ਗਿਆ। ਜੋ ਕਿ ਸਕੂਲ ਦੀ ਗੁਣਵੱਤਾ ਸਿੱਖਿਆ ਅਤੇ ਲਗਾਤਾਰ ਸਕੂਲ ਦੀਆਂ ਅਕਾਦਮਿਕ ਪ੍ਰਾਪਤੀਆਂ ਦਾ ਨਤੀਜਾ ਹੈ।ਇਹਨਾਂ ਪ੍ਰਾਪਤੀਆਂ ਦੇ ਪਿੱਛੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਜੀ ਦੀ ਮਿਸਾਲੀ ਅਗਵਾਈ, ਦੂਰਦਰਸ਼ੀ ਮਾਰਗਦਰਸ਼ਨ, ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵੀ ਇਸ ਮੰਜ਼ਿਲ ਤੱਕ ਪਹੁੰਚਾਉਣ ਲਈ ਵਿਸ਼ੇਸ਼ ਯਤਨਾ ਕਰਕੇ ਹੈ। ।ਇਸੇ ਤਰ੍ਹਾਂ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ ਅਤੇ ਅਧਿਆਪਿਕਾ ਸ਼੍ਰੀਮਤੀ ਗੁਨੀਤ ਕੌਰ ਨੂੰ ਸਕੂਲ ਦੀਆਂ ਅਕਾਦਮਿਕ ਪ੍ਰਾਪਤੀਆਂ ਵਿਚ ਉਹਨਾਂ ਦੇ ਵਡਮੁੱਲੇ ਯੋਗਦਾਨ ਲਈ ਐਕਸੀਲੈਂਸ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਹੀ ਸਕੂਲ ਦੀ ਅਧਿਆਪਿਕਾ ਸ੍ਰੀਮਤੀ ਮਮਤਾ ਸ਼ਰਮਾ ਨੂੰ, ਵਿਦਿਆਰਥੀਆਂ ਨੂੰ ਨਵੀਆਂ ਨਵੀਆਂ ਤਕਨੀਕਾਂ ਨਾਲ ਆਧੁਨਿਕ ਤਰੀਕੇ ਨਾਲ ਪੜ੍ਹਾਈ ਨਾਲ ਜੋੜਨ, ਅਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ ਸੰਸਥਾ ਵੱਲੋਂ ਪ੍ਰੇਰਨਾਦਾਇਕ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਅਧਿਆਪਕਾਂ ਸ਼੍ਰੀਮਤੀ ਤਾਨੀਆ, ਸ਼੍ਰੀਮਤੀ ਮੀਨੂ, ਸ੍ਰੀਮਤੀ ਜਗਰੂਪ ਕੌਰ, ਮਿਸ ਰਮਨਦੀਪ ਕੌਰ, ਮਿਸ ਕਰਨ, ਸ੍ਰੀਮਤੀ ਦਿਵਿਆ, ਸ੍ਰੀਮਤੀ ਰਮਨ, ਸ੍ਰੀਮਤੀ ਸ਼ਰਨਜੀਤ ਕੌਰ ਨੂੰ ਵਿਦਿਆਰਥੀਆਂ ਦੀ ਅਕਾਦਮਿਕ ਸਫਲਤਾ ਨੂੰ ਉਤਸਾਹਿਤ ਕਰਨ ਲਈ ਸਰਵੋਤਮ ਅਧਿਆਪਕਾਂ ਦੇ ਐਵਾਰਡਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਇੰਡੀਅਨ ਟੈਲੈਂਟ ਓਲੰਪੀਆਡ ਵੱਲੋਂ ਦਿੱਤੇ ਗਏ ਇਹ ਸਨਮਾਨ ਸਮੂਹ ਸਕੂਲ ਦੀ ਸਖਤ ਮਿਹਨਤ, ਵੱਖ ਵੱਖ ਆਧੁਨਿਕ ਤਰੀਕਿਆ ਨਾਲ ਬੱਚਿਆਂ ਨੂੰ ਪੜ੍ਹਾਈ ਨਾਲ ਜੋੜਨਾ ਅਤੇ ਉਹਨਾਂ ਨੂੰ ਆਪਣੀ ਕਾਮਯਾਬ ਮੰਜ਼ਿਲ ਤੱਕ ਪਹੁੰਚਾਉਣ ਲਈ ਵਿਸ਼ੇਸ਼ ਯਤਨ ਕਰਨ ਕਰਕੇ ਪ੍ਰਾਪਤ ਹੁੰਦੇ ਹਨ। ਉਹਨਾਂ ਨੇ ਸਾਰੇ ਅਵਾਰਡ ਜੇਤੂਆਂ ਨੂੰ ਸ਼ਾਬਾਸ਼ੀ ਅਤੇ ਵਧਾਈ ਦਿੱਤੀ ਅਤੇ ਉਨਾਂ ਦੀ ਮਿਹਨਤ ਨੂੰ ਖੂਬ ਸਰਾਹਿਆ ਅਤੇ ਅੱਗੇ ਤੋਂ ਵੀ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਨਹਿਰਾ ਕਰਨ ਲਈ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ ਕੁਆਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

## ਜੀ.ਕੇ.ਯੂ. ਦੇ ਵਿਦਿਆਰਥੀਆਂ ਵੱਲੋਂ

# ਜ਼ਿਲ੍ਹਾ ਪੱਧਰੀ ਸੱਭਿਆਚਾਰਕ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ




**ਤਲਵੰਡੀ ਸਾਬੋ, 07 ਅਗਸਤ (ਗੁਰਜੰਟ ਸਿੰਘ ਨਥੇਹਾ)**- ਭਾਰਤ ਸਰਕਾਰ ਦੇ ਯੁਵਾ ਅਤੇ ਖੇਡ ਮੰਤਰਾਲੇ ਵੱਲੋਂ ਚਲਾਏ ਜਾ ਰਹੇ "ਨਸ਼ਾ ਮੁਕਤ ਯੁਵਾ" ਅਭਿਆਨ ਤਹਿਤ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿਖੇ ਜ਼ਿਲ੍ਹਾ ਪੱਧਰੀ ਸੱਭਿਆਚਾਰਕ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ, ਡਾਇਰੈਕਟਰ ਯੁਵਾ ਅਤੇ ਸੱਭਿਆਚਾਰਕ ਮਾਮਲੇ ਡਾ.ਕੰਵਲਜੀਤ ਕੌਰ ਤੇ ਐੱਨ.ਐੱਸ.ਐੱਸ. ਕੁਆਰਡੀਨੇਟਰ ਨਰਿੰਦਰ ਕੌਰ ਦੀ ਅਗਵਾਈ ਹੇਠ 8 ਤਗਮੇ ਜਿੱਤ ਕੇ ਦਰਸ਼ਕਾਂ ਦੀ ਵਾਹ-ਵਾਹ ਖੱਟੀ। ਇਸ ਮੌਕੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜਾਈ ਲਈ ਵਰਸਿਟੀ ਵੱਲੋਂ ਸਾਦੇ ਪਰ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਰੋਹ ਵਿੱਚ ਵਾਈਸ ਚਾਂਸਲਰ ਡਾ. ਬਲਰਾਜ ਸਿੰਘ , ਪਰੋਂ. ਵਾਈਸ ਚਾਂਸਲਰ, ਡਾ. ਜਗਤਾਰ ਸਿੰਘ ਧੀਮਾਨ ਅਤੇ ਡਾ. ਪੀਯੂਸ਼ ਵਰਮਾ ਨੇ ਸ਼ਿਰਕਤ ਕੀਤੀ।ਜਦਕਿ ਸਮਾਰੋਹ ਵਿੱਚ ਵੱਖ-ਵੱਖ ਵਿਭਾਗਾਂ ਦੇ ਡੀਨ ਅਤੇ ਅਧਿਆਪਕ ਸ਼ਾਮਿਲ ਹੋਏ।ਇਸ ਮੌਕੇ ਵਾਈਸ ਚਾਂਸਲਰ ਡਾ. ਸਿੰਘ ਕਿਹਾ ਕਿ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰ ਨਾਲ ਜੁੜੀਆਂ ਗੈਰ ਵਿੱਦਿਅਕ ਗਤੀਵਿਧੀਆਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ ਤੇ ਨਸ਼ਿਆਂ ਤੋਂ ਦੂਰ ਰਹਿ ਕੇ ਖੁਸ਼ਹਾਲ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅਜੋਕੇ ਸਮੇਂ ਵਿਦਿਆਰਥੀਆਂ ਨੂੰ ਗਿਆਨ ਤੇ ਚਹੁੰਮੁਖੀ ਵਿਕਾਸ ਨਾਲ ਜੁੜ ਕੇ ਕੌਮ ਨੂੰ ਤਰੱਕੀ ਦੇ ਸ਼ਿਖਰਾਂ ਵੱਲ ਤੁਰਨਾ ਚਾਹੀਦਾ ਹੈ।ਪਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਨੌਜਵਾਨ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ ਅਤੇ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਗੱਲ ਕੀਤੀ।ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਪੱਛਮੀ ਸੱਭਿਅਤਾ ਦੀ ਬਜਾਏ ਆਪਣੇ ਅਮੀਰ ਵਿਰਸੇ ਨੂੰ ਅਪਨਾਉਣਾ ਚਾਹੀਦਾ ਹੈ।ਉਹਨਾਂ ਸਭਨਾਂ ਨੂੰ ਸੱਚੀ ਮਨੁੱਖਤਾ, ਆਪਸੀ ਭਾਈਚਾਰਾ, ਤਿਆਗ ਅਤੇ ਅਮੀਰ ਵਿਰਸੇ ਨੂੰ ਆਪਣੇ ਜੀਵਨ ਵਿੱਚ ਢਾਲਣ ਦੀ ਪ੍ਰੇਰਣਾ ਦਿੱਤੀ।ਪਰੋ. ਵਾਈਸ ਚਾਂਸਲਰ ਡਾ. ਵਰਮਾ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨਾਂ ਦੇ ਸਰਵ-ਪੱਖੀ ਵਿਕਾਸ ਵਿੱਚ ਸੂਖਮ ਕਲਾਵਾਂ ਦਾ ਵਿਸ਼ੇਸ਼ ਯੋਗਦਾਨ ਹੁੰਦਾ ਹੈ। ਸੱਚਿਆਚਾਰਕ ਗਤੀਵਿਧੀਆਂ ਮਨੁੱਖ ਦੇ ਮਨੋਬਲ ਨੂੰ ਚੜ੍ਹਦੀ ਕਲਾ ਵਿੱਚ ਰੱਖਦੀਆਂ ਹਨ ਤੇ ਹਰ ਸਮੇਂ ਕੁਝ ਨਵਾਂ ਸਿਰਜਣ ਲਈ ਪ੍ਰੇਰਿਤ ਕਰਦੀਆਂ ਹਨ। ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਨਿਰਦੇਸ਼ਕ ਯੁਵਾ ਤੇ ਸੱਚਿਆਚਾਰਕ ਮਾਮਲੇ ਤੇ ਕੁਆਰਡੀਨੇਟਰ ਐੱਨ.ਐੱਸ.ਐੱਸ. ਨੇ ਦੱਸਿਆ ਕਿ ਵਰਸਿਟੀ ਦੇ ਵਿਦਿਆਰਥੀ ਸੁਖਚੈਨ ਸਿੰਘ ਨੇ ਗਾਇਨ ਵਿੱਚ ਪਹਿਲਾ, ਫੈਕਲਟੀ ਆਫ਼ ਲਾਅ ਦੀਆਂ ਟੀਮਾਂ ਨੇ ਨੁਕੜ-ਨਾਟਕ ਅਤੇ ਪੋਪ ਡਾਂਸ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ, ਜਦਕਿ ਕਮਲਪ੍ਰੀਤ ਕੌਰ ਨੇ ਸੋਲੋ-ਡਾਂਸ ਵਿੱਚ ਦੂਜਾ, ਜਸਵੀਰ ਸਿੰਘ ਨੇ ਪੇਟਿੰਗ ਵਿੱਚ ਦੂਜਾ, ਬੋਬੀ ਸਿੰਘ ਨੇ ਸੋਲੋ ਗਾਇਨ ਵਿੱਚ ਦੂਜਾ, ਹਿਮਸ਼ੂ ਝਾ ਨੇ ਸੋਲੋ ਡਾਂਸ ਵਿੱਚ ਤੀਜਾ ਤੇ ਭਵਿੱਖਦੀਪ ਕੌਰ ਨੇ ਵੀ ਸੋਲੋ ਗਾਇਨ ਵਿੱਚ ਤੀਜਾ ਸਥਾਨ ਹਾਸਿਲ ਕੀਤਾ।ਉਹਨਾਂ ਵਿਦਿਆਰਥੀਆਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਪ੍ਰੇਰਿਤ ਕੀਤਾ।

# ਬੇਅਦਬੀ ਵਿਰੋਧੀ ਕਾਨੂੰਨ: ਮਾਹਿਰਾਂ ਦੀ ਕਮੇਟੀ ਨੇ ਪੰਜਾਬ ਸਰਕਾਰ ਤੋਂ 29 ਜੂਨ ਦੇ ਆਦੇਸ਼ਾਂ ਦੀ ਪਾਲਣਾ ਰਿਪੋਰਟ ਮੰਗੀ



ਨਵੀਂ ਦਿੱਲੀ, 7 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਸਬੰਧੀ ਪੰਜਾਬ ਸਰਕਾਰ ਨਾਲ ਗੱਲਬਾਤ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਮਾਹਿਰਾਂ ਦੀ ਕਮੇਟੀ ਨੇ ਸਪੱਸ਼ਟ ਕੀਤਾ ਹੈ ਕਿ ਅਗਲੀ ਚਰਚਾ ਤੋਂ ਪਹਿਲਾਂ 29 ਜੂਨ 2026 ਨੂੰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਰਿਪੋਰਟ ਸਰਕਾਰ ਪੇਸ਼ ਕਰੇ। ਜਸਟਿਸ (ਸੇਵਾਮੁਕਤ) ਰੁਪਿੰਦਰ ਸਿੰਘ ਸੋਢੀ ਦੀ ਅਗਵਾਈ ਵਾਲੀ ਕਮੇਟੀ ਦੀ ਪਹਿਲੀ ਬੈਠਕ ਦੌਰਾਨ ਇਹ ਫ਼ੈਸਲਾ ਲਿਆ ਗਿਆ।ਕਮੇਟੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 29 ਜੁਲਾਈ ਨੂੰ ਭੇਜਿਆ ਗਿਆ ਜਵਾਬ ਅਕਾਲ ਤਖ਼ਤ ਸਾਹਿਬ ਵੱਲੋਂ ਉਠਾਏ ਗਏ ਬੁਨਿਆਦੀ ਇਤਰਾਜ਼ਾਂ, ਖ਼ਾਸ ਕਰਕੇ ਪ੍ਰਸਤਾਵਿਤ ਕਾਨੂੰਨ ਦੀਆਂ ਉਹ ਧਾਰਾਵਾਂ ਜੋ ਸਿੱਖ ਧਾਰਮਿਕ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਦਾ ਰਾਹ ਖੋਲ੍ਹਦੀਆਂ ਹਨ, ਦਾ ਤਸੱਲੀਬਖ਼ਸ਼ ਜਵਾਬ ਨਹੀਂ ਦਿੰਦਾ। ਕਮੇਟੀ ਅਨੁਸਾਰ ਸਰਕਾਰ ਨੇ ਤੱਥਾਂ ਨੂੰ ਸਪੱਸ਼ਟ ਕਰਨ ਦੀ ਬਜਾਏ ਮੁੱਦੇ ਨੂੰ ਟਾਲਣ ਦੀ ਕੋਸ਼ਿਸ਼ ਕੀਤੀ ਹੈ।

ਕਮੇਟੀ ਨੇ ਇਹ ਵੀ ਦੱਸਿਆ ਕਿ ਖ਼ਾਲਸਾ ਪੰਥ ਦੀਆਂ ਚਿੰਤਾਵਾਂ ਤੋਂ 31 ਜੁਲਾਈ 2026 ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਅਤੇ ਪੰਜਾਬ ਕੈਬਨਿਟ ਦੇ ਮੈਂਬਰਾਂ ਨੂੰ ਵਿਸਥਾਰ ਨਾਲ ਜਾਣੂ ਕਰਵਾ ਦਿੱਤਾ ਗਿਆ ਸੀ, ਪਰ ਇਸ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਠੋਸ ਅਤੇ ਉਸਾਰੂ ਪਹਿਲਕਦਮੀ ਸਾਹਮਣੇ ਨਹੀਂ ਆਈ। ਬੈਠਕ ਵਿੱਚ ਇਹ ਵੀ ਚਿੰਤਾ ਜਤਾਈ ਗਈ ਕਿ ਬੇਅਦਬੀ ਵਰਗੇ ਸੰਵੇਦਨਸ਼ੀਲ ਮਾਮਲੇ ਦੇ ਹੱਲ ਲਈ ਸਰਕਾਰ ਦਾ ਰਵੱਈਆ ਹੁਣ ਤੱਕ ਉਸਾਰੂ ਨਹੀਂ ਰਿਹਾ ਅਤੇ ਕਾਫ਼ੀ ਸਮਾਂ ਮਿਲਣ ਦੇ ਬਾਵਜੂਦ ਵੀ ਸਰਕਾਰ ਨੇ ਇਸ ਮੁੱਦੇ 'ਤੇ ਵਿਚਾਰ-ਵਟਾਂਦਰੇ ਲਈ ਆਪਣੀ ਕਮੇਟੀ ਦਾ ਗਠਨ ਨਹੀਂ ਕੀਤਾ।

# ਸਪੀਕਰ ਸੰਧਵਾਂ ਨੂੰ ਨਸੀਹਤ—'ਗੁਰਬਾਣੀ ਪੜ੍ਹੋ, ਫਿਰ ਸੰਗਤ 'ਤੇ ਗਿਆਨ ਦਿਓ: ਪਰਮਜੀਤ ਸਿੰਘ ਸਰਨਾ



ਨਵੀਂ ਦਿੱਲੀ, 7 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਦਿੱਤੇ ਗਏ "ਸੰਗਤ ਸਭ ਤੋਂ ਉੱਪਰ ਹੈ" ਵਾਲੇ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਸੰਗਤ ਬਾਰੇ ਪ੍ਰਵਚਨ ਕਰਨ ਤੋਂ ਪਹਿਲਾਂ ਗੁਰਬਾਣੀ ਦਾ ਗੰਭੀਰ ਅਧਿਐਨ ਕਰਨਾ ਚਾਹੀਦਾ ਹੈ।ਸ ਸਰਨਾ ਨੇ ਕਿਹਾ ਕਿ ਗੁਰਬਾਣੀ ਸਿਰਫ਼ ਸੰਗਤ ਦੀ ਮਹਿਮਾ ਹੀ ਨਹੀਂ ਕਰਦੀ, ਸਗੋਂ ਮਾੜੀ ਸੰਗਤ ਤੋਂ ਬਚਣ ਦੀ ਵੀ ਸਖ਼ਤ ਸਿੱਖਿਆ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸਪੀਕਰ ਨੂੰ ਪਹਿਲਾਂ ਇਹ ਸਮਝਣਾ ਚਾਹੀਦਾ ਹੈ ਕਿ ਗੁਰਬਾਣੀ ਮਾੜੀ ਸੰਗਤ ਦੇ ਮਨੁੱਖ ਦੇ ਵਿਚਾਰਾਂ ਅਤੇ ਕਰਮਾਂ 'ਤੇ ਪੈਣ ਵਾਲੇ ਪ੍ਰਭਾਵ ਬਾਰੇ ਕੀ ਸਿੱਖਿਆ ਦਿੰਦੀ ਹੈ।ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ 345 ਅਤੇ ਅੰਗ 474 ਦੀਆਂ ਪੰਗਤੀਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਗੁਰਬਾਣੀ ਸਪੱਸ਼ਟ ਕਰਦੀ ਹੈ ਕਿ ਬੁਰੀ ਸੰਗਤ ਮਨੁੱਖ ਦੀ ਸੋਚ ਨੂੰ ਭ੍ਰਿਸ਼ਟ ਕਰ ਦਿੰਦੀ ਹੈ ਅਤੇ ਮੂਰਖ ਤੇ ਹੰਕਾਰੀ ਲੋਕਾਂ ਨਾਲ ਨਿਭਾਈ ਦੋਸਤੀ ਕਦੇ ਵੀ ਸਫਲ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਦੂਜਿਆਂ ਨੂੰ ਸੰਗਤ ਬਾਰੇ ਸਿੱਖਿਆ ਦੇਣ ਦੀ ਬਜਾਏ ਪਹਿਲਾਂ ਆਪਣੇ ਰਾਜਨੀਤਿਕ ਸਾਥੀਆਂ ਅਤੇ ਸੰਗਤ ਬਾਰੇ ਗੁਰਬਾਣੀ ਦੀ ਸਿੱਖਿਆ ਨੂੰ ਸਮਝਣਾ ਚਾਹੀਦਾ ਹੈ। ਸਰਨਾ ਨੇ ਦੋਸ਼ ਲਾਇਆ ਕਿ ਸੰਗਤ ਦੇ ਸਿਧਾਂਤ ਨੂੰ ਰਾਜਨੀਤਿਕ ਢਾਲ ਵਜੋਂ ਵਰਤਣਾ ਠੀਕ ਨਹੀਂ ਹੈ ਅਤੇ ਗੁਰਬਾਣੀ ਦੀਆਂ ਸਿੱਖਿਆਵਾਂ ਨੂੰ ਸਹੀ ਪ੍ਰਸੰਗ ਵਿੱਚ ਸਮਝਣਾ ਲਾਜ਼ਮੀ ਹੈ।

# ਪਿੰਡ ਜਗਾ ਰਾਮ ਤੀਰਥ ਵਿਖੇ ਕਥਿਤ ਨਸ਼ੇ ਦੀ ਓਵਰਡੋਜ਼ ਨਾਲ ਨੌਜਵਾਨ ਦੀ ਮੌਤ, ਪਰਿਵਾਰ ਨੇ ਸਰਕਾਰ ਅਤੇ ਪ੍ਰਸ਼ਾਸਨ 'ਤੇ ਚੁੱਕੇ ਸਵਾਲ



ਤਲਵੰਡੀ ਸਾਬੋ, 07 ਅਗਸਤ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਦੇ ਪਿੰਡ ਜਗਾ ਰਾਮ ਤੀਰਥ ਵਿੱਚ 28 ਸਾਲਾ ਵਿਆਹੇ ਨੌਜਵਾਨ ਸੰਦੀਪ ਦੀ ਕਥਿਤ ਤੌਰ 'ਤੇ ਚਿੱਟੇ ਦੀ ਓਵਰਡੋਜ਼ ਕਾਰਨ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ ਅਤੇ ਦੋ ਛੋਟੇ ਬੱਚੇ ਛੱਡ ਗਿਆ ਹੈ। ਮ੍ਰਿਤਕ ਦੇ ਭਰਾ ਬਿੱਕਰ ਸਿੰਘ ਨੇ ਦੋਸ਼ ਲਗਾਇਆ ਕਿ ਸੰਦੀਪ ਦਾ ਨਸ਼ਾ ਛੁਡਾਉਣ ਲਈ ਉਸ ਨੂੰ ਨਸ਼ਾ ਮੁਕਤੀ ਕੇਂਦਰ ਵਿੱਚ ਵੀ ਦਾਖਲ ਕਰਵਾਇਆ ਗਿਆ ਸੀ, ਪਰ ਕਥਿਤ ਤੌਰ 'ਤੇ ਕੁਝ ਲੋਕ ਉਸ ਦੇ ਘਰ ਤੱਕ ਨਸ਼ੇ ਦੀ ਸਪਲਾਈ ਕਰਦੇ ਰਹੇ, ਜਿਸ ਕਾਰਨ ਉਹ ਮੁੜ ਨਸ਼ੇ ਦੀ ਲਪੇਟ ਵਿੱਚ ਆ ਗਿਆ। ਬਿੱਕਰ ਸਿੰਘ ਨੇ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਨਸ਼ਾ ਖ਼ਤਮ ਕਰਨ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਪਰ ਉਨ੍ਹਾਂ ਦੇ ਅਨੁਸਾਰ ਮੰਤਰੀ ਪ੍ਰੋ. ਬਲਜਿੰਦਰ ਕੌਰ ਦੇ ਆਪਣੇ ਪਿੰਡ ਵਿੱਚ ਵੀ ਨਸ਼ੇ ਦਾ ਕਾਰੋਬਾਰ ਰੁਕਦਾ ਨਜ਼ਰ ਨਹੀਂ ਆ ਰਿਹਾ। ਉਨ੍ਹਾਂ ਨੇ ਇਹ ਵੀ ਦੋਸ਼ ਲਗਾਇਆ ਕਿ ਜਦੋਂ ਨਸ਼ਾ ਵੇਚਣ ਵਾਲਿਆਂ ਬਾਰੇ ਪੁਲਿਸ ਨੂੰ ਜਾਣਕਾਰੀ ਦਿੱਤੀ ਜਾਂਦੀ ਹੈ ਤਾਂ ਵੀ ਕੋਈ ਪ੍ਰਭਾਵਸ਼ਾਲੀ ਕਾਰਵਾਈ ਨਹੀਂ ਹੁੰਦੀ। ਉਨ੍ਹਾਂ ਦਾ ਇਹ ਵੀ ਕਹਿਣਾ ਸੀ ਕਿ ਜੇਕਰ ਪਿੰਡ ਵਾਸੀ ਖੁਦ ਨਸ਼ਾ ਰੋਕਣ ਦੀ ਕੋਸ਼ਿਸ਼ ਕਰਨ ਤਾਂ ਉਨ੍ਹਾਂ ਨੂੰ ਕਥਿਤ ਤੌਰ 'ਤੇ ਝੂਠੇ ਮਾਮਲਿਆਂ ਵਿੱਚ ਫਸਾਉਣ ਜਾਂ ਨਸ਼ਾ ਤਸਕਰਾਂ ਵੱਲੋਂ ਧਮਕੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪਰਿਵਾਰ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਤੋਂ ਨਸ਼ੇ ਦੇ ਕਾਰੋਬਾਰ ਨੂੰ ਸਖ਼ਤੀ ਨਾਲ ਰੋਕਣ ਅਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਬੇਸ਼ਕ ਪੀੜਿਤ ਪਰਿਵਾਰ ਨੇ ਪੁਲਿਸ ਰਿਪੋਰਟ ਨਹੀਂ ਕਰਵਾਈ ਪ੍ਰੰਤੂ ਪਿੰਡ ਵਾਸੀਆਂ ਵਲੋਂ ਲਗਾਏ ਆਰੋਪਾਂ ਸਬੰਧੀ ਥਾਣਾ ਮੁਖੀ ਤਲਵੰਡੀ ਸਾਬੋ ਨਾਲ ਗਲਬਾਤ ਕਰਨੀ ਚਾਹੀ ਤਾਂ ਉਹਨਾਂ ਦੇ ਸਹਾਇਕ ਨੇ ਕਿਹਾ ਕਿ ਸਾਹਬ ਕੋਰਟ ਗਏ ਹਨ। ਦੂਜੇ ਪਾਸੇ ਡੀਐਸਪੀ ਤਲਵੰਡੀ ਸਾਬੋ ਨੇ ਵਾਰ ਵਾਰ ਫੋਨ ਕਰਨ 'ਤੇ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।

ਦੀ ਰੈਵਨਿਊ ਪਟਵਾਰ ਯੂਨੀਅਨ ਰਜਿ.ਪੰਜਾਬ ਤੇ ਰਿਟਾਇਰ ਪਟਵਾਰੀ ਕਾਨੂੰਗੋ

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਮਹਾਂਰੈਲੀ ਦਾ ਹਿੱਸਾ ਬਣੇ

**ਜੰਡਿਆਲਾ ਗੁਰੂ, 7 ਅਗਸਤ ( ਕੁਲਵੰਤ ਸਿੰਘ ਵਿਰਦੀ )**-ਦੀ ਰੈਵਨਿਊ ਪਟਵਾਰ ਯੂਨੀਅਨ ਰਜਿ.ਪੰਜਾਬ ਅਤੇ ਰਿਟਾਇਰ ਪਟਵਾਰੀ ਸਾਥੀਆਂ ਸਮੇਤ ਅੱਜ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੀ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਤੇ ਅੱਜ 7 ਅਗਸਤ ਨੂੰ ਹੋਈ ਮਹਾਂਰੈਲੀ ਸਥਾਨ ਦਾਣਾ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਅੰਮ੍ਰਿਤਸਰ ਜ਼ਿਲ੍ਹੇ ਦੇ ਸਮੂਹ ਪਟਵਾਰੀ ਅਤੇ ਪੈਨਸ਼ਨਰ ਪਟਵਾਰੀ ਕਾਨੂੰਗੋ ਆਪਣੇ ਸਾਥੀਆਂ ਸਮੇਤ ਰੈਲੀ ਵਿੱਚ ਹੁੰਮ-ਹੁਮਾ ਕੇ ਪੁੱਜੇ। ਜਿਨ੍ਹਾਂ ਵਿੱਚ ਜਿਵੇਂ ਕਿ ਤਹਿਸੀਲ ਅੰਮ੍ਰਿਤਸਰ 1 ਦੇ ਪ੍ਰਧਾਨ ਸੌਰਭ ਸ਼ਰਮਾ, ਤਹਿਸੀਲ ਅੰਮ੍ਰਿਤਸਰ 2 ਦੇ ਪ੍ਰਧਾਨ ਜੋਬਨਜੀਤ ਸਿੰਘ, ਮੀਤ ਪ੍ਰਧਾਨ ਪੰਜਾਬ ਹਰਪਾਲ ਸਿੰਘ ਸਮਰਾ, ਜਨਰਲ ਸਕੱਤਰ ਹਰਪ੍ਰੀਤ ਸਿੰਘ ਬਾਬਾ ਜੀ, ਜ਼ਿਲ੍ਹਾ ਪ੍ਰਧਾਨ ਗੁਰਜੰਟ ਸਿੰਘ ਸੋਹੀ, ਫਤਿਹ ਸਿੰਘ, ਮਹੇਸ਼ ਕੁਮਾਰ, ਸੰਜੀਵ ਕੁਮਾਰ, ਪ੍ਰਤੀਨਿਧੀ ਜਸਪਾਲ ਸਿੰਘ ਆਦਿ, ਅਤੇ ਤਹਿਸੀਲ ਸ਼੍ਰੀ ਬਾਬਾ ਬਕਾਲਾ ਸਾਹਿਬ ਤੋਂ ਪ੍ਰਧਾਨ ਅੰਗਰੇਜ ਸਿੰਘ ਦੇਵੀਦਾਸਪੁਰੀਆ, ਜਨਰਲ ਸਕੱਤਰ ਗੁਰਦੇਵ ਸਿੰਘ ਬੁੱਟਰ, ਆਗੂ ਹਰਪ੍ਰਤਾਪ ਸਿੰਘ, ਬਾਬਾ ਸੁਰਿੰਦਰ ਸਿੰਘ ਜੀ ਭੋਏਵਾਲ, ਮਨਪ੍ਰੀਤ ਸਿੰਘ ਮਲਹਾਰ, ਰਸ਼ਪਾਲ ਸਿੰਘ ਜਲਾਲਉਸਮਾਂ ,ਸੱਤਪਾਲ ਸਿੰਘ, ਗੌਰਵ ਸਿੰਘ, ਹਰਪ੍ਰੀਤ ਸਿੰਘ ਸਮੇਤ ਸਮੁਚੀ ਤਹਿਸੀਲ ਦੇ ਪਟਵਾਰੀ ਸਾਹਿਬਾਨ ਪੁੱਜੇ, ਤਹਿਸੀਲ ਅਜਨਾਲਾ ਤੋਂ ਪ੍ਰਧਾਨ ਗੁਰਬਾਜ਼ ਸਿੰਘ ਆਪਣੇ ਸਾਥੀਆਂ ਸਮੇਤ ਪੁੱਜੇ , ਮਜੀਠਾ ਤੋਂ ਪ੍ਰਧਾਨ ਮਨਵੀਰ ਸਿੰਘ ਆਪਣੇ, ਮਨਵੀਰ ਸਿੰਘ ਮੱਲੀ ਆਪਣੇ ਸਾਥੀਆਂ ਸਮੇਤ ਪੁੱਜੇ, ਤਹਿਸੀਲ ਲੋਪੋਕੇ ਤੋਂ ਪ੍ਰਧਾਨ ਕਰਨਜੀਤ ਸਿੰਘ ਆਪਣੇ ਸਾਥੀਆਂ ਸਮੇਤ ਅੱਜ ਦੀ ਮਹਾਂ ਰੈਲੀ ਲਈ ਰਵਾਨਾ ਹੋਏ ਅਤੇ ਪੁੱਜੇ। ਰਿਟਾਇਰ ਕਾਨੂੰਗੋ ,ਪਟਵਾਰੀਆਂ ਸਾਥੀਆਂ ਦੀ ਅਗਵਾਈ ਪੰਜਾਬ ਪ੍ਰਧਾਨ ਨਿਰਮਲਜੀਤ ਸਿੰਘ ਬਾਜਵਾ ਨੇ ਕੀਤੀ ਅਤੇ ਕੁਲਵੰਤ ਸਿੰਘ ਡੇਹਰੀਵਾਲ ਤੇ ਹੋਰ ਸਮੂਹ ਸਾਥੀਆਂ ਨੇ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਸ਼ਮੂਲੀਅਤ ਕੀਤੀ।ਸਾਝੇਂ ਮੁਲਾਜ਼ਮ ਵਰਗ ਦੀਆਂ ਹੇਠ ਲਿਖੀਆਂ ਮੰਗਾਂ ਹਨ। ( ੳ ) ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ( ਅ )2.59 ਦੇ ਗੁਣਾਂਕ ਨਾਲ ਪੈਅ ਕਮਿਸ਼ਨ ਦੇ ਬਕਾਏ ਯੱਕ ਮੁਸ਼ਤ ਜਾਰੀ ਕੀਤੇ ਜਾਣ ।( ੲ ) ਮੁਲਾਜ਼ਮਾਂ ਤੇ 200/- ਰੂਪੈ ਪ੍ਰਤੀ ਮਹੀਨਾ ਲਾਇਆ ਜਜ਼ੀਆ ਟੈਕਸ ਬੰਦ ਕੀਤਾ ਜਾਵੇ ।( ਸ ) 18% ਮਹਿੰਗਾਈ ਭੱਤਾ ਜਾਰੀ ਕੀਤਾ ਜਾਵੇ ।( ਹ ) ਪ੍ਰੋਬੇਸ਼ਨ ਪ੍ਰੀਅਡ ਬੰਦ ਕੀਤਾ ਜਾਵੇ ।( ਕ ) ਕੇਂਦਰੀ ਸਕੇਲ ਰੱਦ ਕਰਕੇ ਪੰਜਾਬ ਸਕੇਲ ਲਾਗੂ ਕੀਤੇ ਜਾਣ ।( ਖ ) ਹਰ ਤਰ੍ਹਾਂ ਦੇ ਕੱਚੇ, ਠੇਕਾ ਅਧਾਰਿਤ, ਆਊਟਸੋਰਸ ਮੁਲਾਜ਼ਮਾਂ ਨੂੰ ਪੱਕਿਆਂ ਕੀਤਾ ਜਾਵੇ ਆਦਿ ਵਰਨਣਯੋਗ ਹਨ।




ਆਵਾਜ਼ਿ ਕੌਮ AWAZE QAUM International Newspaper & WEB TV

ਸਰਹੱਦ ਪਾਰੋਂ ਤਸਕਰੀ ਵਾਲੇ ਮਾਡਿਊਲ ਨਾਲ ਸਬੰਧਤ ਪੰਜ ਵਿਅਕਤੀ

# 21 ਕਿਲੋ ਹੈਰੋਇਨ, 970 ਗ੍ਰਾਮ ਆਈਸੀਈ ਅਤੇ ਇੱਕ ਪਿਸਤੌਲ ਸਮੇਤ ਕਾਬੂ

ਜੰਡਿਆਲਾ ਗੁਰੂ ਅੰਮ੍ਰਿਤਸਰ, 7 ਅਗਸਤ: ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਵਿੱਚ ਵੱਡੀ ਸਫਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਪੰਜ ਵਿਅਕਤੀਆਂ ਨੂੰ 21.299 ਕਿਲੋ ਹੈਰੋਇਨ, 970 ਗ੍ਰਾਮ ਆਈਸੀਈ (ਮੈਥਾਮਫੇਟਾਮਾਈਨ), .30 ਬੋਰ ਗੈਰ-ਕਾਨੂੰਨੀ ਪਿਸਤੌਲ ਅਤੇ ਚਾਰ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗਗਨ ਉਰਫ਼ ਡਿਸ਼ਕਾ (23) ਅਤੇ ਜਸਪਿੰਦਰ ਸਿੰਘ (25) ਦੋਵੇਂ ਵਾਸੀ ਪਿੰਡ ਨਿਕੋਸਰਨ, ਗੁਰਦਾਸਪੁਰ; ਸੁਖਪ੍ਰੀਤ ਸਿੰਘ ਉਰਫ਼ ਸੁੱਖ (30) ਵਾਸੀ ਅੱਡਾ ਜੈਂਤੀਪੁਰ, ਅੰਮ੍ਰਿਤਸਰ ਦਿਹਾਤੀ; ਅਭਿਸ਼ੇਕ ਸਭਰਵਾਲ ਉਰਫ਼ ਅਭੀ (25) ਵਾਸੀ ਸ਼ਰਮਾ ਕਾਲੋਨੀ, ਅੰਮ੍ਰਿਤਸਰ ਅਤੇ ਮਨਪ੍ਰੀਤ ਸਿੰਘ ਉਰਫ਼ ਮੰਨੂ (26) ਵਾਸੀ ਪਿੰਡ ਚੰਨਣਕੇ, ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁੱਖ ਮੁਲਜ਼ਮ ਵਿਦੇਸ਼ ਅਧਾਰਤ ਤਸਕਰ ਦੇ ਸਿੱਧੇ ਸੰਪਰਕ ਵਿੱਚ ਸੀ, ਜਿਸ ਨੇ ਅੰਤਰਰਾਸ਼ਟਰੀ ਸਰਹੱਦ ਪਾਰੋਂ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਮਦਦ ਕੀਤੀ ਸੀ, ਜੋ ਅੱਗੇ ਸਪਲਾਈ ਕੀਤੇ ਜਾਣੇ ਸਨ। ਉਨ੍ਹਾਂ ਦੱਸਿਆ ਕਿ ਸਰਹੱਦ ਪਾਰਲੇ ਇਸ ਤਸਕਰੀ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਇਸ ਨੈੱਟਵਰਕ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਪਛਾਣ ਲਈ ਅਗਲੇਰੀ ਜਾਂਚ ਜਾਰੀ ਹੈ।ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਕਮਿਸ਼ਨਰ ਆਫ਼ ਪੁਲਿਸ (ਸੀਪੀ) ਅੰਮ੍ਰਿਤਸਰ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਪੁਖਤਾ ਇਤਲਾਹ 'ਤੇ ਕਾਰਵਾਈ ਕਰਦਿਆਂ ਪਹਿਲਾਂ ਮੁਲਜ਼ਮ ਗਗਨ ਉਰਫ਼ ਡਿਸ਼ਕਾ ਅਤੇ ਜਸਪਿੰਦਰ ਸਿੰਘ ਨੂੰ ਇੱਕ ਪਿਸਤੌਲ ਅਤੇ ਚਾਰ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ।ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮਾਂ ਦੇ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੂੰ 1.01 ਕਿਲੋ ਹੈਰੋਇਨ ਅਤੇ 970 ਗ੍ਰਾਮ ਆਈਸੀਈ ਬਰਾਮਦ ਕਰਨ ਵਿੱਚ ਵੀ ਸਫ਼ਲਤਾ ਮਿਲੀ ਹੈ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਗ੍ਰਿਫ਼ਤਾਰ ਮੁਲਜ਼ਮਾਂ ਨੇ ਆਪਣੇ ਸਾਥੀਆਂ ਦੀ ਸ਼ਮੂਲੀਅਤ ਬਾਰੇ ਖੁਲਾਸਾ ਕੀਤਾ ਅਤੇ ਇਸ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸੁਖਪ੍ਰੀਤ ਉਰਫ਼ ਸੁੱਖ, ਅਭਿਸ਼ੇਕ ਸਭਰਵਾਲ ਉਰਫ਼ ਅਭੀ ਅਤੇ ਮਨਪ੍ਰੀਤ ਉਰਫ਼ ਮੰਨੂ ਨੂੰ 20.2 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਲਿਆ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਸੁਖਪ੍ਰੀਤ ਉਰਫ਼ ਸੁੱਖ ਆਦਤਨ ਅਪਰਾਧੀ ਹੈ ਅਤੇ ਉਸ ਖ਼ਿਲਾਫ਼ ਪਹਿਲਾਂ ਵੀ ਐਨ.ਡੀ.ਪੀ.ਐਸ. ਐਕਟ ਅਤੇ ਅਸਲਾ ਐਕਟ ਤਹਿਤ ਕਈ ਮਾਮਲੇ ਦਰਜ ਹਨ।ਇਸ ਸਬੰਧੀ ਥਾਣਾ ਏਅਰਪੋਰਟ, ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25(6,7,8) ਅਤੇ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21-ਸੀ, 22-ਸੀ ਅਤੇ 29 ਤਹਿਤ ਐਫ.ਆਈ.ਆਰ. ਨੰਬਰ 24 ਮਿਤੀ 29.07.2026 ਦਰਜ ਕੀਤੀ ਗਈ ਹੈ।




ਆਵਾਜ਼ਿ ਕੌਮ AWAZE QAUM International Newspaper & WEB TV

**ਵਿਦੇਸ਼ ਅਧਾਰਤ ਤਸਕਰ ਨੇ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਕੀਤੀ ਸੀ ਮਦਦ: ਸੀਪੀ ਅੰਮ੍ਰਿਤਸਰ**

# ਬਾਬਾ ਹਰਦੀਪ ਸਿੰਘ ਦੇ ਮਾਤਾ ਜੀ ਦਾ ਸਦੀਵੀ ਵਿਛੋੜਾ ਦੁਖਦਾਈ ਖਬਰ- ਅਕਾਲੀ ਆਗੂ

**ਚੰਡੀਗੜ੍ਹ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਵਰਕਿੰਗ ਕਮੇਟੀ ਮੈਂਬਰ ਅਤੇ ਉਘੇ ਸਿੱਖ ਵਿਦਵਾਨ ਬਾਬਾ ਹਰਦੀਪ ਸਿੰਘ ਦੇ ਮਾਤਾ ਜੀ ਪਿਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਹਨ। ਬਾਬਾ ਹਰਦੀਪ ਸਿੰਘ ਨਿਜੀ ਤੌਰ 'ਤੇ ਗਿਆਨੀ ਹਰਪ੍ਰੀਤ ਸਿੰਘ ਹੁਰਾਂ ਨਾਲ ਲੰਬੇ ਸਮੇਂ ਤੋਂ ਜੁੜੇ ਹੋਏ ਹਨ। ਇਸ ਦੁਖਦਾਈ ਘੜੀ ਵਿੱਚ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਅਤੇ ਸੀਨੀਅਰ ਆਗੂ ਸ ਗੁਰਪ੍ਰਤਾਪ ਸਿੰਘ ਵਡਾਲਾ, ਸ ਪ੍ਰੇਮ ਸਿੰਘ ਚੰਦੂਮਾਜਰਾ, ਸ ਸੁੱਚਾ ਸਿੰਘ ਛੋਟੇਪੁਰ, ਸ ਪਰਮਿੰਦਰ ਸਿੰਘ ਢੀਂਡਸਾ, ਸ ਗੋਬਿੰਦ ਸਿੰਘ ਲੌਂਗੋਵਾਲ, ਸ ਜਗਜੀਤ ਸਿੰਘ ਕੋਹਲੀ ਅਤੇ ਤੇਜਿੰਦਰ ਸਿੰਘ ਪੰਨੂੰ ਨੇ ਗਹਿਰਾ ਦੁੱਖ ਵਿਅਕਤ ਕਰਦਿਆਂ ਬਾਬਾ ਹਰਦੀਪ ਸਿੰਘ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਬਾਬਾ ਹਰਦੀਪ ਸਿੰਘ ਇਕ ਸੂਝਵਾਨ ਪੰਥਕ ਆਗੂ ਹਨ ਜੋ ਸੇਵਾ ਲਈ ਹਮੇਸ਼ਾਂ ਤਤਪਰ ਰਹਿੰਦੇ ਹਨ। ਉਹਨਾਂ ਦੀ ਮਾਤਾ ਜੀ ਦਾ ਵਿਛੋੜਾ ਪ੍ਰਵਾਰ ਲਈ ਬੇਸ਼ੱਕ ਅਸਹਿ ਹੈ ਪਰ ਗੁਰਮਤਿ ਦੇ ਧਾਰਨੀ ਬਾਬਾ ਹਰਦੀਪ ਸਿੰਘ ਵਾਹਿਗੁਰੂ ਦੇ ਭਾਣੇ ਵਿੱਚ ਰਹਿਣ ਵਾਲੇ ਗੁਰਸਿੱਖ ਹਨ। ਸਾਰੇ ਆਗੂਆਂ ਨੇ ਮਾਤਾ ਜੀ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕਰਦਿਆਂ ਕਿਹਾ ਕਿ ਵਾਹਿਗੁਰੂ ਵਿਛੜੀ ਆਤਮਾ ਨੂੰ ਚਰਨਾਂ ਵਿੱਚ ਨਿਵਾਸ ਅਤੇ ਪ੍ਰਵਾਰ ਨੂੰ ਭਾਣੇ ਵਿੱਚ ਰਹਿਣ ਦਾ ਬਲ ਬਖਸ਼ਣ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਤਰਸਿੱਕਾ ਬਲਾਕ ਦੇ ਕਿਸ਼ੋਰ ਸਿੱਖਿਆ ਲਿਖਤੀ ਮੁਕਾਬਲੇ ਆਯੋਜਿਤ




**ਮਹਿਤਾ ਚੌਂਕ, 7 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੁੱਖ ਮੰਤਰੀ ਪੰਜਾਬ ਸਰਕਾਰ ਸ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ ਹਰਜੋਤ ਸਿੰਘ ਬੈਂਸ ਜੀ ਦੇ ਹੁਕਮਾਂ ਤਹਿਤ ਦਫ਼ਤਰ ਡਾਇਰੈਕਟਰ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਵੱਲੋਂ ਪੂਰੇ ਪੰਜਾਬ ਵਿੱਚ ਕਿਸ਼ੋਰਾਂ ਦੀ ਭਲਾਈ ਅਤੇ ਉਹਨਾਂ ਵਿੱਚ ਜਾਗਰੂਕਤਾ ਫੈਲਾਉਣ ਹਿੱਤ ਲਿਖਤੀ ਮੁਕਾਬਲੇ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਅੰਮ੍ਰਿਤਸਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ ਕੰਵਲਜੀਤ ਸਿੰਘ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਰਾਜੇਸ਼ ਖੰਨਾ ਦੀ ਸਰਪ੍ਰਸਤੀ ਹੇਠ ਜ਼ਿਲ੍ਹਾ ਅਤੇ ਬਲਾਕ ਪੱਧਰੀ ਮੁਕਾਬਲਿਆਂ ਦਾ ਸਫਲ ਪ੍ਰਬੰਧਨ ਕੀਤਾ ਜਾ ਰਿਹਾ। ਇਸੇ ਪ੍ਰਕਾਰ ਬਲਾਕ ਨੋਡਲ ਅਫ਼ਸਰ ਅਤੇ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਤਰਸਿੱਕਾ ਸ਼੍ਰੀ ਦੀਪਕ ਕੁਮਾਰ ਦੀ ਰਹਿਨੁਮਾਈ ਹੇਠ ਅੱਜ ਪੂਰੇ ਬਲਾਕ ਦੇ ਸਕੂਲਾਂ ਦੇ ਵਿਦਿਆਰਥੀਆਂ ਦੇ ਅਡੋਲਸੈਂਸ ਐਜੂਕੇਸ਼ਨ ਪ੍ਰੋਗਰਾਮ ਤਹਿਤ ਲਿਖਤੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਬਲਾਕ ਦੇ ਸਕੂਲਾਂ ਵੱਲੋਂ ਵੱਡੀ ਗਿਣਤੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਸਿੱਕਾ ਵਿਖੇ ਲਿਖਤੀ ਮੁਕਾਬਲੇ ਵਿੱਚ ਭਾਗ ਲਿਆ। ਇਸ ਮੌਕੇ ਸਕੂਲ ਦੇ ਸੀਨੀਅਰ ਲੈਕਚਰਾਰ ਮੈਡਮ ਗੁਰਪ੍ਰੀਤ ਕੌਰ ਵੱਲੋਂ ਆਏ ਹੋਏ ਅਧਿਆਪਕਾਂ, ਵਿਦਿਆਰਥੀਆਂ ਅਤੇ ਲੇਖਨ ਮੁਕਾਬਲੇ ਦੇ ਜੱਜਾਂ ਨੂੰ ਜੀ ਆਇਆਂ ਕਿਹਾ ਗਿਆ। ਜੱਜਾਂ ਦੀ ਭੂਮਿਕਾ ਸਭਿਆਚਾਰ ਦੇ ਥੰਮ ਜਰਮਨਜੀਤ ਸਿੰਘ ਤਾਹਰਪੁਰਾ, ਮੈਡਮ ਮਨਦੀਪ ਕੌਰ ਨੰਗਲੀ ਕਲਾਂ, ਨਰਿੰਦਰ ਸਿੰਘ ਰਾਏ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਵੱਲੋਂ ਬਾਖੂਬੀ ਨਿਭਾਈ ਗਈ। ਪਹਿਲਾ ਸਥਾਨ ਨੌਵੀਂ ਕਲਾਸ ਤਰਸਿੱਕਾ ਸਕੂਲ ਦੀ ਵਿਦਿਆਰਥਣ ਬਲਬੀਰ ਕੌਰ, ਦੂਸਰਾ ਸਥਾਨ ਜੈਸਮੀਨ ਕੌਰ ਸਸਸਸ ਟਾਹਲੀ ਸਾਹਿਬ ਅਤੇ ਤੀਸਰਾ ਸਥਾਨ ਰਣਜੀਤ ਸਿੰਘ ਚੋਗਾਵਾਂ ਸਾਧਪੁਰ ਨੇ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਸੀਨੀਅਰ ਅਧਿਆਪਕ ਅਮਰਬੀਰ ਸਿੰਘ, ਮੈਡਮ ਕਿਰਨਾ ਰਾਣੀ, ਪ੍ਰਿਥੀਪਾਲ ਸਿੰਘ ਚੋਗਾਵਾਂ ਸਾਧਪੁਰ, ਰਣਜੀਤ ਸਿੰਘ ਅਤੇ ਸਰਬਸੁੱਖਪਾਲ ਸਿੰਘ ਰਾਏ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਭਲਾਈ ਦੇ ਕੰਮਾਂ ਕਰਨ ਵਾਲੇ ਵੀਰਾਂ ਨੂੰ ਪਿੰਡ ਵਡਾਲੀ ਡੋਗਰਾਂ ਤੇ ਪਹੁੰਚਣ ਤੇ ਸਨਮਾਨਿਤ ਕੀਤਾ ਗਿਆ, ਸਾਹਿਬ ਸਿੰਘ ਸੰਧੂ




ਜੰਡਿਆਲਾ ਗੁਰੂ 7 ਅਗਸਤ ( ਕੁਲਵੰਤ ਸਿੰਘ ਵਿਰਦੀ ) ਅੱਜ ਸ੍ਰੀ ਗੁਰੂ ਰਾਮਦਾਸ ਜੀ ਦੀ ਮੇਹਰ ਸਦਕਾ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸੰਧੂ ਜੀ ਦੇ ਗ੍ਰਹਿ ਪਿੰਡ ਵਡਾਲੀ ਡੋਗਰਾ ਸਮਾਜ ਸੇਵੀ ਹਰਪ੍ਰੀਤ ਸਿੰਘ ਸੰਧੂ ਵਿੱਚ ਆਏ ਉਹਨਾਂ ਨਾਲ ਬਹਿ ਕੇ ਸਮਾਜ ਸੇਵੀ ਸਮਾਜ ਸੇਵੀ ਵਿੱਚ ਸੰਸਾਰ ਦਾ ਭਲਾ ਕਿਸ ਤਰ੍ਹਾਂ ਹੋ ਸਕਦਾ ਤੇ ਆਪਣੀ ਕਿਰਤ ਕਮਾਈ ਨੂੰ ਸਫਲਾ ਕਰਨਾ ਹੋਵੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਚਲਾਏ ਹੋਏ ਰਸਤੇ ਤੇ ਚੱਲਣਾ ਪਵੇਗਾ ਆਪਣੀ ਕਿਰਤ ਕਰਨੀ ਨਾਮ ਜਪਣਾ ਤੇ ਵੰਡ ਕੇ ਛਕਣਾ ਫਿਰ ਆਪਣੀ ਕਿਰਤ ਕਮਾਈ ਸਫਲ ਹੋ ਸਕਦੀ ਆ ਨਾਲ ਜਦੋਂ ਗੱਲ ਹੋਈ ਤੇ ਉਹ ਆਪਣੀ ਕਮਾਈ ਦੇ ਵਿੱਚੋਂ ਸਮਾਜ ਸੇਵਾ ਦੇ ਪੱਲੇ ਲਈ ਉੱਦਮ ਉਪਰਾਲਾ ਕਰਦੇ ਰਹਿੰਦੇ ਸੀ ਅੱਜ ਉਹ ਪਹਿਲੀ ਵਾਰੀ ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਦੇ ਸੇਵਾਦਾਰ ਹਨ ਨਾਲ ਉਹਨਾਂ ਦਾ ਮੇਲ ਹੋਇਆ ਜਿਸ ਵਿਚ,ਮੀਤ ਪ੍ਰਧਾਨ ਸੰਦੀਪ ਸਿੰਘ ਮੋਜੀ, ਖਜਾਨਚੀ ਦਵਿੰਦਪਾਲ ਗੋਰਾ , ਜਰਨਲ ਸਕੱਤਰ ਜੋਬਨਬੀਰ ਸਿੰਘ ਵਡਾਲੀ ਦੇ ਨਾਲ ਅਸੀਂ ਬਹਿ ਕੇ ਵਿਚਾਰ ਹੋਏ ਸਾਡੇ ਵੀ ਕੰਮਾਂ ਤੋਂ ਉਹ ਜਾਣੂ ਹੋਏ ਉਹਨਾਂ ਦੇ ਵੀ ਕੰਮਾਂ ਤੋਂ ਅਸੀਂ ਜਾਣੂ ਹੋਏ ਅੱਗੇ ਸਮਾਜ ਸੇਵੀ ਦਾ ਆਪਾਂ ਕਿੱਦਾਂ ਕੰਮ ਕਰਨਾ ਇੱਕ ਦੂਜੇ ਦੇ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਣਾ ਕਿਉਂਕਿ ਅੱਜ ਦੇ ਸਮੇਂ ਸਮਾਜ ਸੇਵਾ ਦੀ ਬਹੁਤ ਲੋੜ ਹੈ ਤੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪਾਏ ਹੋਏ ਪੂਰਨਿਆਂ ਤੇ ਚੱਲਣਾ ਉਹਨਾਂ ਦੀ ਸਮਾਜਿਕ ਭਲਾਈ ਦੇ ਕੰਮਾਂ ਤੋਂ ਖੁਸ਼ ਹੋ ਕੇ ਸੁਸਾਇਟੀ ਵੱਲੋਂ ਸਿਲਡਾਂ ਤੇ ਸਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਰਿਸ਼ਵਵੀਰ ਸਿੰਘ, ਰਮਨਵੀਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ਦਮਦਮੀ ਟਕਸਾਲ ਦਾ ਸਥਾਪਨਾ ਦਿਵਸ

# ਦਮਦਮੀ ਟਕਸਾਲ ਦਾ ਨੀਂਹ ਪੱਥਰ ਸਿਰਾਂ ਦੇ 'ਤੇ ਰੱਖਿਆ ਹੋਇਐ ਇਸੇ ਲਈ ਇਹ ਵੱਡੀ ਜਥੇਬੰਦੀ-ਪ੍ਰਧਾਨ ਸ਼੍ਰੋਮਣੀ ਕਮੇਟੀ

## ਜਥੇਦਾਰ ਬਾਬਾ ਟੇਕ ਸਿੰਘ ਨੇ ਪੰਥਕ ਏਕਤਾ ਅਤੇ ਸੰਸਥਾਵਾਂ ਦੀ ਮਜ਼ਬੂਤੀ ਦਾ ਦਿੱਤਾ ਸੁਨੇਹਾ



ਤਲਵੰਡੀ ਸਾਬੋ, 07 ਅਗਸਤ (ਗੁਰਜੰਟ ਸਿੰਘ ਨਥੇਹਾ)- ਸਿੱਖ ਪੰਥ ਦੀਆਂ ਸਿਰਮੌਰ ਜਥੇਬੰਦੀਆਂ ਚ ਸ਼ੁਮਾਰ 'ਦਮਦਮੀ ਟਕਸਾਲ' ਦਾ ਸਥਾਪਨਾ ਦਿਵਸ ਅੱਜ ਸਿੱਖ ਕੌਮ ਦੇ ਚੌਥੇ ਤਖਤ ,ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਪੂਰੀ ਸ਼ਰਧਾ, ਉਤਸ਼ਾਹ ਅਤੇ ਇਤਿਹਾਸਕ ਮਰਿਆਦਾ ਨਾਲ ਮਨਾਇਆ ਗਿਆ ।ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਨਿਰਦੇਸ਼ਾਂ ਮੁਤਾਬਿਕ ਵਿਸ਼ਾਲ ਗੁਰਮਤਿ ਸਮਾਗਮ ਵੀ ਕਰਵਾਇਆ ਗਿਆ ਜਿਸ ਚ ਉਹ ਕਿਸੇ ਕਾਰਣ ਭਾਂਵੇ ਖੁਦ ਸ਼ਾਮਿਲ ਨਹੀ ਹੋ ਸਕੇ ਪਰ ਪੰਥ ਪ੍ਰਸਿੱਧ ਧਾਰਮਿਕ ਸਖਸ਼ੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਗੁ: ਦਮਦਮਾ ਸਾਹਿਬ ਵਿਖੇ ਆਖੰਡ ਪਾਠਾਂ ਦੇ ਭੋਗ ਪਾਉਣ ਉਪਰੰਤ ਤਖਤ ਸਾਹਿਬ ਵਿਖੇ ਕਰਵਾਏ ਸਮਾਗਮ ਨੂੰ ਸੰਬੋਧਨ ਹੁੰਦਿਆਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਟਕਸਾਲ ਦੇ ਮਹਾਨ ਇਤਿਹਾਸ 'ਤੇ ਚਾਨਣਾ ਪਾਉਂਦਿਆਂ ਆਖਿਆ ਕਿ ਦਮਦਮੀ ਟਕਸਾਲ ਸਿੱਖੀ ਦੀ ਇੱਕ "ਚਲਦੀ-ਫਿਰਦੀ ਯੂਨੀਵਰਸਿਟੀ" ਹੈ, ਜਿਸ ਨੇ ਹਮੇਸ਼ਾ ਗੁਰਮਤਿ ਪ੍ਰਚਾਰ, ਧਰਮ ਦ੍ਰਿੜ੍ਹਤਾ ਅਤੇ ਪੰਥਕ ਰਹਿਣੀ ਨੂੰ ਸੰਭਾਲਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ ।ਉਨਾਂ ਨੇ ਅਜੋਕੇ ਸਮੇਂ ਵਿੱਚ ਪੰਥ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਅਤੇ ਚੁਣੌਤੀਆਂ 'ਤੇ ਗੰਭੀਰਤਾ ਨਾਲ ਵਿਚਾਰ ਪ੍ਰਗਟਾਉਂਦਿਆਂ ਸਮੁੱਚੀ ਕੌਮ ਨੂੰ ਇਕਜੁੱਟ ਹੋ ਕੇ ਪੰਥਕ ਸੰਸਥਾਵਾਂ ਦੀ ਚੜ੍ਹਦੀਕਲਾ ਅਤੇ ਕੌਮੀ ਏਕਤਾ ਲਈ ਡਟਣ ਦਾ ਆਹਵਾਨ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਸੰਬੋਧਨ ਦੌਰਾਨ ਦਮਦਮੀ ਟਕਸਾਲ ਦੇ ਸੁਨਹਿਰੀ ਇਤਿਹਾਸ ਅਤੇ ਮੌਜੂਦਾ ਸਮੇਂ ਵਿੱਚ ਇਸ ਸੰਸਥਾ ਵੱਲੋਂ ਕੀਤੇ ਜਾ ਰਹੇ ਮਹਾਨ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ ।ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਦਾ ਸੁਨਹਿਰੀ ਇਤਿਹਾਸ ਪੰਥਕ ਕੁਰਬਾਨੀਆਂ, ਧਰਮ ਰੱਖਿਆ ਅਤੇ ਗੁਰਮਤਿ ਵਿੱਦਿਆ ਦੇ ਅਮਿੱਟ ਪੂਰਨਿਆਂ ਨਾਲ ਭਰਪੂਰ ਹੈ ।ਪਿਛਲੇ ਲੰਮੇ ਸਮੇਂ ਤੋਂ ਲੈ ਕੇ ਅੱਜ ਤੱਕ ਇਹ ਸੰਸਥਾ ਗੁਰਮਤਿ ਪ੍ਰਚਾਰ, ਸਿੱਖੀ ਦੀਆਂ ਮੂਲ ਭਾਵਨਾਵਾਂ ਦੀ ਸੰਭਾਲ ਅਤੇ ਕੌਮੀ ਸੇਵਾ ਵਿੱਚ ਵੱਡਮੁੱਲਾ ਯੋਗਦਾਨ ਪਾ ਰਹੀ ਹੈ, ਜੋ ਅਤਿ ਸ਼ਲਾਘਾਯੋਗ ਹੈ ।ਉਨਾਂ ਕਿਹਾ ਕਿ ਟਕਸਾਲ ਨੇ ਗੁਰਬਾਣੀ ਪ੍ਰਚਾਰ ਪ੍ਰਸਾਰ ਦੇ ਨਾਲ ਨਾਲ ਕੁਰਬਾਨੀਆਂ ਦਾ ਵੀ ਇੱਕ ਵਿਲੱਖਣ ਇਤਿਹਾਸ ਸਿਰਜਿਆ ਹੈ ।ਜਦੋਂ ਕਦੇ ਵੀ ਗੁਰੂ ਰਾਮਦਾਸ ਪਾਤਸ਼ਾਹ ਦੇ ਦਰਬਾਰ ਚ ਬੇਅਦਬੀ ਦੀ ਕੋਸ਼ਿਸ ਹੋਈ ਤਾਂ ਦਮਦਮੀ ਟਕਸਾਲ ਦੇ ਮੁਖੀ ਸਾਹਿਬਾਨ ਨੇ ਗੁਰੂ ਘਰ ਦੀ ਆਨ ਬਾਨ ਸ਼ਾਨ ਲਈ ਆਪਣੇ ਸਿਰ ਤੱਕ ਦੇ ਦਿੱਤੇ,ਸ਼ਹੀਦ ਬਾਬਾ ਦੀਪ ਸਿੰਘ,ਬਾਬਾ ਗੁਰਬਖਸ਼ ਸਿੰਘ ਅਤੇ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਕੁਰਬਾਨੀ ਇਸਦੀ ਪ੍ਰਤੱਖ ਉਦਾਹਰਨ ਹੈ ।ਉਨਾਂ ਕਿਹਾ ਕਿ ਦਮਦਮੀ ਟਕਸਾਲ ਦਾ ਨੀਂਹ ਪੱਥਰ ਸਿਰਾਂ ਦੇ ਉੱਤੇ ਰੱਖਿਆ ਹੋਣ ਕਾਰਣ ਇਹ ਪੰਥ ਦੀ ਵੱਡੀ ਜਥੇਬੰਦੀ ਹੈ ।ਐਡਵੋਕੇਟ ਧਾਮੀ ਨੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਪੁੱਜੀਆਂ ਸਖਸ਼ੀਅਤਾਂ ਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ।







ਸਮਾਗਮ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ,ਗੁ:ਬੁੰਗਾ ਮਸਤੂਆਣਾ ਮੁਖੀ ਬਾਬਾ ਕਾਕਾ ਸਿੰਘ ਤੋਂ ਇਲਾਵਾ ਵੱਖ ਵੱਖ ਬੁਲਾਰਿਆਂ ਨੇ ਵੀ ਟਕਸਾਲ ਦੇ ਪੰਥਕ ਯੋਗਦਾਨ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਗੁਰਪ੍ਰੀਤ ਸਿੰਘ ਝੱਬਰ ਅੰਤ੍ਰਿਗ ਮੈਂਬਰ ਸ਼੍ਰੋਮਣੀ ਕਮੇਟੀ,ਬਜਗਸੀਰ ਸਿੰਘ ਮਾਂਗੇਆਣਾ ਤੇ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ ਦੋਵੇਂ ਮੈਂਬਰ ਸ਼੍ਰੋਮਣੀ ਕਮੇਟੀ, ਗਿਆਨੀ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਗਿਆਨੀ ਸਾਹਿਬ ਸਿੰਘ ਦਮਦਮੀ ਟਕਸਾਲ, ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ, ਨਰਿੰਦਰਜੀਤ ਸਿੰਘ ਮੈਨੇਜਰ ਤਖਤ ਸਾਹਿਬ, ਬੁੱਢਾ ਦਲ ਮੁਖੀ ਬਾਬਾ ਬਲਬੀਰ ਸਿੰਘ ਵੱਲੋਂ ਬਾਬਾ ਮੇਜਰ ਸਿੰਘ, ਬਾਬਾ ਬਲਦੇਵ ਸਿੰਘ ਢੋਡੀਵਿੰਡੀਆ ਤੇ ਬਾਬਾ ਦਲੇਰ ਸਿੰਘ, ਬਾਬਾ ਦਵਿੰਦਰ ਸਿੰਘ ਬੜੂੰ ਸਾਹਿਬ ਵਾਲਿਆਂ ਵੱਲੋਂ ਬਾਬਾ ਸੁਖਦੇਵ ਸਿੰਘ ਵੀਰ ਜੀ, ਬਾਬਾ ਬਲਜਿੰਦਰ ਸਿੰਘ ਤਰਨਾਦਲ, ਗਿਆਨੀ ਤੇਜਵੀਰ ਸਿੰਘ, ਬਾਬਾ ਅਮਰਜੀਤ ਸਿੰਘ ਹਰਖੋਵਾਲ, ਜਥੇਦਾਰ ਆਤਮਾ ਸਿੰਘ ਪ੍ਰਧਾਨ ਦਮਦਮੀ ਟਕਸਾਲ ਸੇਵਕ ਜਥਾ ਮਾਲਵਾ ਜ਼ੋਨ, ਬਾਬਾ ਚਮਕੌਰ ਸਿੰਘ ਭਦੌੜ,ਤਰਨਾ ਦਲ ਚਮਕੌਰ ਸਾਹਿਬ ਦੇ ਬਾਬਾ ਕੁਲਵਿੰਦਰ ਸਿੰਘ ਵੱਲੋਂ ਬਾਬਾ ਸਰਬਜੀਤ ਸਿੰਘ ਤੇ ਬਾਬਾ ਰਾਜੂ ਸਿੰਘ, ਬਾਬਾ ਦਰਸ਼ਨ ਸਿੰਘ ਫੱਤਾਮਾਲੋਕਾ, ਪ੍ਰਿੰਸੀਪਲ ਰਵਿੰਦਰ ਸਿੰਘ ਗੁਰਮਤਿ ਵਿਦਿਆਲਾ, ਭਾਈ ਕੁਲਦੀਪ ਸਿੰਘ ਤੇ ਪ੍ਰਕਾਸ਼ ਸਿੰਘ ਸਾਹੂਵਾਲਾ ਦੋਵੇਂ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਦਰਸ਼ਨ ਸਿੰਘ ਜਗਾ ਰਾਮ ਤੀਰਥ, ਜਥੇਦਾਰ ਗੁਰਤੇਜ ਸਿੰਘ ਜੋਧਪੁਰ ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਕੁਲਦੀਪ ਸਿੰਘ ਪ੍ਰਧਾਨ ਸੇਵਕ ਜਥਾ ਹਰਿਆਣਾ, ਬਾਬਾ ਗੁਰਜੰਟ ਸਿੰਘ ਚੇਅਰਮੈਨ ਧਰਮ ਪ੍ਰਚਾਰ, ਜਗਤਾਰ ਸਿੰਘ ਸੇਖੂ ਜਿਲ੍ਹਾ ਪ੍ਰਧਾਨ ਸੇਵਕ ਜਥਾ ਬਠਿੰਡਾ, ਬੂਟਾ ਸਿੰਘ ਜਿਲ੍ਹਾ ਪ੍ਰਧਾਨ ਮਾਨਸਾ, ਭਾਈ ਗੁਰਮੀਤ ਸਿੰਘ ਕਿਸ਼ਨਗੜ੍ਹ ਰਾਜਸਥਾਨ, ਇੰਦਰਜੀਤ ਸਿੰਘ ਸ਼ਹਿਰੀ ਪ੍ਰਧਾਨ ਬਠਿੰਡਾ, ਜਥੇਦਾਰ ਗੁਰਮੀਤ ਸਿੰਘ ਤਲਵੰਡੀ ਸਾਬੋ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਸ਼ਾਮਿਲ ਰਹੀਆਂ।

ਆਵਾਜ਼ਿ ਕੌਮ AWAZE QAUM International Newspaper & WEB TV